SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
*Award winning news paper* | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit **punjabipost.ca/epaper** | **Vol 24* Issue 78** | **Monday, 26 May 2025** | **Tel: 905-793-2202 | Fax: 905-793-2282 | news@punjabipost.ca** | ਤੁਸੀਂ 'ਪੰਜਾਬੀ ਪੋਸਟ' ***Online***ਰੋਜ਼ਾਨਾ ਪੜ੍ਹ ਸਕਦੇ ਹੋ

## ਇਜ਼ਰਾਈਲੀ ਹਮਲੇ 'ਚ 38 ਵਿਅਕਤੀ ਹਲਾਕ, ਹੁਣ ਤੱਕ 53 ਹਜ਼ਾਰ ਤੋਂ ਵੱਧ ਮੌਤਾਂ



ਦੀਰ ਅਲ-ਬਲਾਹ, 25 ਮਈ (ਪੋਸਟ ਬਿਊਰੋ): ਇਜ਼ਰਾਇਲੀ ਫੌਜ ਵੱਲੋਂ ਕੀਤੇ ਗਏ ਹਵਾਈ ਹਮਲਿਆਂ 'ਚ 38 ਵਿਅਕਤੀ ਮਾਰੇ ਗਏ ਹਨ। ਹਮਲੇ 'ਚ ਇਕ ਮਹਿਲਾ ਅਤੇ ਉਸ ਦੇ ਦੋ ਬੱਚੇ ਵੀ ਮਾਰੇ ਗਏ ਹਨ ਜੋ ਇਕ ਟੈਂਟ ਦੇ ਅੰਦਰ ਸਨ। ਅਲ-ਅਕਸਾ ਮਾਰਟੀਅਰਜ਼ ਹਸਪਤਾਲ ਮੁਤਾਬਕ ਹਮਲਾ ਗਾਜ਼ਾ ਦੇ ਸ਼ਹਿਰ ਦੀਰ ਅਲ-ਬਲਾਹ 'ਚ ਘਰੋਂ ਦਰ-ਬਦਰ ਹੋਏ ਲੋਕਾਂ ਲਈ ਬਣੇ ਟੈਂਟਾਂ 'ਤੇ ਹੋਇਆ। ਉੱਤਰੀ ਗਾਜ਼ਾ ਦੇ ਜਬਾਲੀਆ ਇਲਾਕੇ 'ਚ ਇਕ ਹਮਲੇ ਦੌਰਾਨ ਪੰਜ ਵਿਅਕਤੀ ਮਾਰੇ ਗਏ। ਇਕ ਹੋਰ ਹਮਲੇ 'ਚ ਵੀ ਪੰਜ ਵਿਅਕਤੀ ਹਲਾਕ ਹੋਏ ਹਨ। ਗਾਜ਼ਾ ਦੇ ਸਿਹਤ ਮੰਤਰਾਲੇ ਮੁਤਾਬਕ ਇਜ਼ਰਾਈਲ ਵੱਲੋਂ ਪਿਛਲੇ 19 ਮਹੀਨਿਆਂ ਤੋਂ ਕੀਤੇ ਜਾ ਰਹੇ ਹਮਲਿਆਂ ਦੌਰਾਨ ਹੁਣ ਤੱਕ 53 ਹਜ਼ਾਰ ਤੋਂ ਵੱਧ ਫਲਸਤੀਨੀਆਂ ਦੀ ਮੌਤ ਹੋ ਚੁੱਕੀ ਹੈ।

ਹਮਲਿਆਂ ਕਾਰਨ ਗਾਜ਼ਾ ਦਾ ਬਹੁਤ ਸਾਰਾ ਹਿੱਸਾ ਤਬਾਹ ਹੋ ਚੁੱਕਾ ਹੈ ਅਤੇ ਕਰੀਬ 90 ਫ਼ੀਸਦੀ ਆਬਾਦੀ ਉੱਜੜ ਚੁੱਕੀ ਹੈ। ਇਜ਼ਰਾਈਲ ਨੇ ਪਿਛਲੇ ਢਾਈ ਮਹੀਨਿਆਂ ਤੋਂ ਗਾਜ਼ਾ 'ਚ ਭੋਜਨ, ਦਵਾਈਆਂ ਅਤੇ ਈਂਧਣ ਭੇਜਣ 'ਤੇ ਰੋਕ ਲਾਈ ਹੋਈ ਸੀ ਪਰ ਬੀਤੇ ਕੁਝ ਦਿਨਾਂ ਤੋਂ ਰਾਹਤ ਸਮੱਗਰੀ ਨਾਲ ਭਰੇ ਟਰੱਕਾਂ ਨੂੰ ਗਾਜ਼ਾ 'ਚ ਜਾਣ ਦੀ ਇਜਾਜ਼ਤ ਦਿੱਤੀ ਗਈ ਹੈ। ਇਜ਼ਰਾਈਲ ਹੁਣ ਸਾਰੇ ਗਾਜ਼ਾ ਨੂੰ ਆਪਣੇ ਕੰਟੋਰਲ ਹੇਠ ਲਿਆਉਣ ਦੀਆਂ ਕੋਸ਼ਿਸ਼ਾਂ ਕਰ ਰਿਹਾ ਹੈ। ਇਸ ਦੌਰਾਨ ਇਜ਼ਰਾਇਲੀ ਫੌਜ ਨੇ ਕਿਹਾ ਕਿ ਯਮਨ ਦੇ ਹੂਤੀ ਬਾਗ਼ੀਆਂ ਨੇ ਮਿਜ਼ਾਈਲ ਦਾਗ਼ੀ ਜਿਸ ਨੂੰ ਹਵਾ 'ਚ ਹੀ ਫੁੰਡ ਦਿੱਤਾ ਗਿਆ। ਮਿਜ਼ਾਈਲ ਕਾਰਨ ਯੇਰੂਸ਼ਲਮ ਅਤੇ ਹੋਰ ਇਲਾਕਿਆਂ 'ਚ ਸਾਇਰਨ ਵਜਣੇ ਸ਼ੁਰੂ ਹੋ ਗਏ ਸਨ।

## ਫ਼ੈਡਰਲ ਪਬਲਿਕ ਸਰਵਿਸ ਸਟਾਫ਼ ਦੀ ਗਿਣਤੀ ਘਟੀ, 10 ਸਾਲਾਂ ਵਿਚ ਪਹਿਲੀ ਵਾਰੀ ਗਿਣਤੀ ਹੋਈ ਪ੍ਰਭਾਵਿਤ

ਓਟਵਾ, 25 ਮਈ (ਪੋਸਟ ਬਿਊਰੋ): ਖਜ਼ਾਨਾ ਬੋਰਡ ਸਕੱਤਰੇਤ ਦੁਆਰਾ ਜਾਰੀ ਕੀਤੇ ਗਏ ਨਵੇਂ ਅੰਕੜਿਆਂ ਅਨੁਸਾਰ, ਪਿਛਲੇ ਸਾਲ ਲਗਭਗ 10,000 ਨੌਕਰੀਆਂ ਦੀ ਕਟੌਤੀ ਤੋਂ ਬਾਅਦ, 2015 ਤੋਂ ਬਾਅਦ ਫ਼ੈਡਰਲ ਪਬਲਿਕ ਸਰਵਿਸ ਪਹਿਲੀ ਵਾਰੀ ਸੁੰਘੜੀ ਹੈ।

2024 ਅਤੇ 2025 ਦੇ ਵਿਚਕਾਰ ਘਟੀਆਂ 9,807 ਨੌਕਰੀਆਂ ਵਿੱਚੋਂ, ਇੱਕ ਮਹੱਤਵਪੂਰਨ ਬਹੁਗਿਣਤੀ- 7,051, ਜਾਂ 72 ਪ੍ਰਤੀਸ਼ਤ - ਪਾਰਕਸ ਕੈਨੇਡਾ, ਨੈਸ਼ਨਲ ਕੈਪੀਟਲ ਕਮਿਸ਼ਨ ਅਤੇ ਕੈਨੇਡਾ ਰੈਵੇਨਿਊ ਏਜੰਸੀ ਵਰਗੀਆਂ ਫ਼ੈਡਰਲ ਏਜੰਸੀਆਂ ਵਿੱਚ ਸਨ। ਬਾਕੀ 2,756 ਜਾਂ 28 ਪ੍ਰਤੀਸ਼ਤ-ਮੁੱਖ ਲੋਕ ਪ੍ਰਸ਼ਾਸਨ ਵਿੱਚ ਸਨ।

ਮਾਰਚ 2024 ਵਿੱਚ, ਏਜੰਸੀਆਂ ਅਤੇ ਲੋਕ ਪ੍ਰਸ਼ਾਸਨ ਵਿਚ 367,772 ਫ਼ੈਡਰਲ ਪਬਲਿਕ ਸਰਵੈਂਟਸ ਨੌਕਰੀ 'ਤੇ ਸਨ। ਇੱਕ ਸਾਲ ਬਾਅਦ, ਇਹ ਗਿਣਤੀ ਘਟ ਕੇ 357,965 ਹੋ ਗਈ,




ਜੋ ਕਿ ਕੁੱਲ ਕਾਰਜਬਲ ਵਿੱਚ 2.6 ਪ੍ਰਤੀਸ਼ਤ ਦੀ ਕਮੀ ਹੈ।

ਇਸ ਡੇਟਾ ਵਿੱਚ ਆਰਸੀਐਮਪੀ, ਕੈਨੇਡੀਅਨ ਆਰਮਡ ਫੋਰਸੇਜ਼ ਜਾਂ ਕੁਝ ਹੋਰ ਰੁਜ਼ਗਾਰਦਾਤਾ ਸ਼ਾਮਲ ਨਹੀਂ ਹਨ। ਆਖਰੀ ਵਾਰ ਫ਼ੈਡਰਲ ਪਬਲਿਕ ਸਰਵਿਸ ਇੱਕ ਦਹਾਕਾ ਪਹਿਲਾਂ ਸੁੰਘੜੀ ਸੀ। 2013 ਵਿੱਚ 262,817 ਪਬਲਿਕ ਸਰਵੈਂਟਸ ਸਨ, ਜੋ 2014 ਵਿੱਚ ਘੱਟ ਕੇ 257,138 ਹੋ ਗਏ, ਅਤੇ 2015 ਵਿੱਚ ਦੁਬਾਰਾ ਘਟ ਕੇ 257,034 ਹੋ ਗਏ। ਇਹ ਗਿਣਤੀ ਹੁਣ ਤੱਕ ਲਗਾਤਾਰ ਵੱਧ ਰਹੀ ਸੀ।

ਸੀਬੀਸੀ ਨੇ ਨਾਲ ਸੰਪਰਕ ਕੀਤਾ ਹੈ ਤਾਂ ਜੋ ਇਹ ਪੁੱਛਿਆ ਜਾ ਸਕੇ ਕਿ ਔਟਵਾ ਅਤੇ ਗੈਟੀਨੌ ਵਿੱਚ ਕਿੰਨੀਆਂ ਨੌਕਰੀਆਂ ਗਈਆਂ ਹਨ, ਪਰ ਇਹ ਜਾਣਕਾਰੀ ਪ੍ਰਾਪਤ ਨਹੀਂ ਹੋਈ।

## ਵਿੰਡਸਰ ਰਾਈਡਿੰਗ ਵਿਚ ਕੰਜ਼ਰਵੇਟਿਵ ਉਮੀਦਵਾਰ ਕੈਥੀ ਬੋਰੈਲੀ ਚਾਰ ਵੋਟਾਂ ਦੇ ਫਰਕ ਨਾਲ ਜਿੱਤੇ

**9 ਮਈ ਨੂੰ ਜੱਜ ਨੇ ਵੋਟਾਂ ਦੀ ਮੁੜ ਗਿਣਤੀ ਨੂੰ ਦਿੱਤੀ ਸੀ ਮਨਜ਼ੂਰੀ**



ਵਿੰਡਸਰ, 25 ਮਈ (ਪੋਸਟ ਬਿਊਰੋ): ਬੀਤੇ ਦਿਨੀਂ ਓਂਟਾਰੀਓ ਦੀ ਵਿੰਡਸਰ-ਟੇਕੁਮਸੇਹ-ਲੇਕਸ਼ੋਰ ਰਾਈਡਿੰਗ ਵਿਚ ਹੋਈ ਵੋਟਾਂ ਦੀ ਨਿਆਂਇਕ ਮੁੜ ਗਿਣਤੀ ਨੇ ਕੰਜ਼ਰਵੇਟਿਵ ਉਮੀਦਵਾਰ ਕੈਥੀ ਬੋਰੈਲੀ ਦੀ ਜਿੱਤ ਦੀ ਪੁਸ਼ਟੀ ਕੀਤੀ ਹੈ। ਕੈਥੀ ਨੇ 4 ਵੋਟਾਂ ਦੇ ਫ਼ਰਕ ਨਾਲ ਇਹ ਸੀਟ ਜਿੱਤੀ ਹੈ।

28 ਅਪ੍ਰੈਲ ਨੂੰ ਹੋਈਆਂ ਫ਼ੈਡਰਲ ਚੋਣਾਂ ਵਿਚ ਇਸ ਰਾਈਡਿੰਗ ਤੋਂ ਲਿਬਰਲ ਉਮੀਦਵਾਰ ਆਇਰੈਕ ਕੁਜ਼ਮੀਅਰਜ਼ਿਕ 77 ਵੋਟਾਂ ਤੋਂ ਹਾਰ ਗਏ ਸਨ, ਜਿਸ ਤੋਂ ਬਾਅਦ ਲਿਬਰਲਾਂ ਨੇ ਨਿਆਂਇਕ ਮੁੜ ਗਿਣਤੀ ਦੀ ਮੰਗ ਕੀਤੀ ਸੀ।

ਮੰਗਲਵਾਰ ਨੂੰ ਦੁਬਾਰਾ ਗਿਣਤੀ ਸ਼ੁਰੂ ਹੋਈ ਸੀ ਅਤੇ ਅੰਤਿਮ ਨਤੀਜੇ ਅੱਜ ਸਵੇਰੇ ਐਲਾਨੇ ਗਏ।ਇਸ ਨਤੀਜੇ ਨਾਲ ਹਾਊਸ ਔਫ਼ ਕੌਮਨਜ਼ ਵਿਚ ਪਾਰਟੀਆਂ ਦੀਆਂ ਸੀਟਾਂ ਵਿਚ ਕੋਈ ਤਬਦੀਲੀ ਨਹੀਂ ਆਈ ਹੈ। ਲਿਬਰਲਾਂ ਕੋਲ 170 ਸੀਟਾਂ ਹਨ, ਜੋ ਕਿ ਬਹੁਮਤ ਦੀ ਸਰਕਾਰ ਤੋਂ ਸਿਰਫ਼ ਦੋ ਸੀਟਾਂ ਘੱਟ ਹਨ।

ਕੰਜ਼ਰਵੇਟਿਵਜ਼ ਕੋਲ 143 ਸੀਟਾਂ ਹਨ, ਬਲੌਕ ਕਿਊਬੈਕਵਾ ਕੋਲ 22, ਐਨਡੀਪੀ ਕੋਲ 7 ਅਤੇ ਗ੍ਰੀਨ ਪਾਰਟੀ ਕੋਲ ਇੱਕ ਸੀਟ ਹੈ। ਨਿਊਫ਼ੰਡਲੈਂਡ ਐਂਡ ਲੈਬਰਾਡੋਰ ਦੀ ਟੈਰਾ ਨੋਵਾ-ਦ ਪੈਨਿਨਸੁਲਾਜ਼ ਰਾਈਡਿੰਗ ਦੀ ਮੁੜ ਗਿਣਤੀ ਦੇ ਨਤੀਜੇ ਅੱਜ ਆਉਣ ਦੀ ਉਮੀਦ ਹੈ। ਚੋਣਾਂ ਵਾਲੇ ਦਿਨ ਇਸ ਰਾਈਡਿੰਗ ਤੋਂ ਲਿਬਰਲ ਉਮੀਦਵਾਰ ਨੇ 12 ਵੋਟਾਂ ਦੇ ਫ਼ਰਕ ਨਾਲ ਜਿੱਤ ਪ੍ਰਾਪਤ ਕੀਤੀ ਸੀ।

ਨਵਾਂ ਘਾਹ ਲਵਾਉ | 647-784-1213
www.aaalandscaping.ca
1. ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2. ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3. ਨਵਾਂ ਘਾਹ ਲਵਾਉ
4. ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

Royal Pest Control
Residential Commercial Industrial
Specialist in Bedbugs Service
All Pest Control :
- Mouse & Rats - Spiders & Fleas - Bedbugs - Wasps
- Cockroaches - Carpenter Ants - Silver Fish - Racoons
Call : PARESH PATEL
(Government Approved Licensed Technician)
416 938 4598

eXp REALTY BROKERAGE
~~$1,249,900~~
FOR $1,199,000
ARZADON REALTY
BERNARD ARZADON
REALTOR®
Cell: 647-929-4279
Bernard@ArzadonRealty.com

HOUSE FOR SALE IN WELLAND
211 Merritt St Welland, ON L3C 4T8
Dir/Cross St: Fitch and First Ave
5 Bed | 3.5 Bath | Detached 2 Car Garage

**A stately 5-bedroom, 3.5-bathroom** All-brick residence in one of Welland's most prestigious neighborhoods.

**Spanning 4,300+ sq. ft. of living space,** this home boasts hand-scraped hickory hardwood floors & elegant crown molding. The professionally designed chefs kitchen is a dream, featuring Alaska White granite countertops, custom Imprezza cabnetry, a Bluestar 6-burner commercial gas range, Kohler farmhouse sink, Jenn-Air wine fridge, and an over-stove pot filler. Completes with fireplaces and oversized windows that invite abundant natural light. **Upstairs, 5 generously sized bedrooms.**

The **fully finished walk-up basement** offers versatile space for an entertainment room & more. The **walk-up basement** provides expanded opportunities of a private suite, or a multi-generational living. Step outside into a lush backyard retreat, beautifully landscaped with perennial gardens and a stunning Magnolia tree, creating a serene setting for outdoor relaxation. A **17' x 35' aggregate patio**, a circular paved stone courtyard with a centerpiece fountain, and **a Detached 2-car garage** complete this breathtaking outdoor space. **Book your private showing today!**










# ਕੇਰਲ ਵਿੱਚ ਲਾਈਬੇਰੀਆ ਦਾ ਕਾਰਗੋ ਜਹਾਜ਼ ਡੁੱਬਿਆ, 24 ਚਾਲਕ ਦਲ ਦੇ ਮੈਂਬਰਾਂ ਨੂੰ ਬਚਾਇਆ ਗਿਆ



ਕੋਚੀ, 25 ਮਈ (ਪੋਸਟ ਬਿਊਰੋ): ਲਾਈਬੇਰੀਆ ਦਾ ਕਾਰਗੋ ਜਹਾਜ਼ ਐੱਮਐੱਸਸੀ ਐਲਸਾ 3 ਕੇਰਲ ਦੇ ਕੋਚੀ ਤੱਟ ਤੋਂ ਡੁੱਬ ਗਿਆ। ਭਾਰਤੀ ਤੱਟ ਰੱਖਿਅਕ ਅਤੇ ਜਲ ਸੈਨਾ ਨੇ ਸਾਰੇ 24 ਚਾਲਕ ਦਲ ਦੇ ਮੈਂਬਰਾਂ ਨੂੰ ਬਚਾਇਆ। ਜਹਾਜ਼ 'ਤੇ ਲੱਦੇ 640 ਕੰਟੇਨਰਾਂ ਵਿੱਚ ਕੈਲਸ਼ੀਅਮ ਕਾਰਬਾਈਡ, ਡੀਜ਼ਲ, ਫਰਨੇਸ ਤੇਲ ਅਤੇ ਕੁਝ ਖਤਰਨਾਕ ਰਸਾਇਣ ਸਨ।

23 ਮਈ ਨੂੰ ਕੇਰਲ ਦੇ ਵਿਝਿੰਜਮ ਬੰਦਰਗਾਹ ਤੋਂ ਜਹਾਜ਼ ਕੋਚੀ ਲਈ ਰਵਾਨਾ ਹੋਇਆ। 24 ਮਈ ਨੂੰ ਦੁਪਹਿਰ 1:25 ਵਜੇ ਦੇ ਕਰੀਬ, ਕੋਚੀ ਤੱਟ ਤੋਂ 38 ਸਮੁੰਦਰੀ ਮੀਲ ਦੀ ਦੂਰੀ 'ਤੇ ਇਸ ਦੇ ਲਗਭਗ 26 ਡਿਗਰੀ ਝੁਕਣ ਦੀ ਰਿਪੋਰਟ ਮਿਲੀ। ਐਮਰਜੈਂਸੀ ਦੀ ਸੂਚਨਾ ਮਿਲਦੇ ਹੀ, ਕੋਚੀ ਵਿੱਚ ਦੇ ਮਰੀਨ ਰੈਸਕਿਊ ਸਬ ਸੈਂਟਰ ਨੇ ਬਚਾਅ ਕਾਰਜ ਸ਼ੁਰੂ ਕਰ ਦਿੱਤਾ।

ਦੇਰ ਸ਼ਾਮ ਤੱਕ, ਰੂਸ, ਯੂਕਰੇਨ, ਜਾਰਜੀਆ ਅਤੇ ਫਿਲੀਪੀਨਜ਼ ਦੇ 24 ਚਾਲਕ ਦਲ ਦੇ ਮੈਂਬਰਾਂ ਵਿੱਚੋਂ 21 ਨੂੰ ਬਚਾ ਲਿਆ ਗਿਆ। ਬਾਕੀ ਤਿੰਨ ਸੀਨੀਅਰ ਚਾਲਕ ਦਲ ਦੇ ਮੈਂਬਰ ਜਹਾਜ਼ ਨੂੰ ਡੁੱਬਣ ਤੋਂ ਰੋਕਣ ਦੀ ਕੋਸ਼ਿਸ਼ ਕਰਨ ਲਈ ਜਹਾਜ਼ 'ਤੇ ਹੀ ਰਹੇ।

ਹਾਲਾਂਕਿ, ਜਹਾਜ਼ ਦਾ ਝੁਕਾਅ ਵਧਦਾ ਰਿਹਾ ਅਤੇ ਇਹ ਅੱਜ ਡੁੱਬ ਗਿਆ। ਜਲ ਸੈਨਾ ਦੇ ਜਹਾਜ਼ ਆਈਐੱਨਐੱਸ ਸੁਜਾਤਾ ਨੇ ਵੀ ਬਾਕੀ ਤਿੰਨ ਚਾਲਕ ਦਲ ਦੇ ਮੈਂਬਰਾਂ ਨੂੰ ਬਚਾਇਆ। ਜਹਾਜ਼ ਦੇ ਇੱਕ ਪਾਸੇ ਝੁਕਣ ਦਾ ਕਾਰਨ ਹਾਲੇ ਪਤਾ ਨਹੀਂ ਲੱਗਿਆ ਹੈ।

# ਸ਼ਸ਼ੀ ਥਰੂਰ ਨੇ ਕਿਹਾ- ਕੋਈ ਵੀ ਵਿਅਕਤੀ ਇਹ ਨਹੀਂ ਸੋਚ ਸਕਦਾ ਕਿ ਭਾਰਤੀਆਂ ਨੂੰ ਮਾਰ ਕੇ ਉਹ ਬਚ ਜਾਵੇਗਾ



ਨਿਊਯਾਰਕ, 25 ਮਈ (ਪੋਸਟ ਬਿਊਰੋ): ਕਾਂਗਰਸ ਆਗੂ ਅਤੇ ਸੰਸਦ ਮੈਂਬਰ ਸ਼ਸ਼ੀ ਥਰੂਰ ਨੇ ਕਿਹਾ ਹੈ ਕਿ ਪਹਿਲਗਾਮ ਹਮਲੇ ਮਗਰੋਂ ਇੱਕ ਨਵਾਂ ਪੈਮਾਨਾ ਬਣ ਰਿਹਾ ਹੈ ਕਿ ਪਾਕਿਸਤਾਨ ਵਿੱਚ ਬੈਠੇ ਕਿਸੇ ਵੀ ਵਿਅਕਤੀ ਨੂੰ ਇਹ ਮੰਨਣ ਦੀ ਆਗਿਆ ਨਹੀਂ ਦਿੱਤੀ ਜਾਵੇਗੀ ਕਿ ਉਹ ਸਰਹੱਦ ਪਾਰ ਕਰਕੇ ਭਾਰਤੀ ਨਾਗਰਿਕਾਂ ਨੂੰ ਮਾਰ ਦੇਵੇਗਾ ਅਤੇ ਉਸ ਨੂੰ ਕਿਸੇ ਸਜ਼ਾ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਥਰੂਰ ਨੇ ਕਿਹਾ ਕਿ ਅਜਿਹਾ ਕਰਨ ਵਾਲਿਆਂ ਨੂੰ ''ਇਸ ਦੀ ਕੀਮਤ ਚੁਕਾਉਣੀ ਪਵੇਗੀ।''

ਥਰੂਰ ਦੀ ਅਗਵਾਈ ਹੇਠ ਭਾਰਤੀ ਸੰਸਦ ਮੈਂਬਰਾਂ ਦਾ ਇੱਕ ਵਫ਼ਦ ਅੱਤਵਾਦ ਖ਼ਿਲਾਫ਼ ਭਾਰਤ ਦੇ ਦ੍ਰਿੜ ਇਰਾਦੇ ਨੂੰ ਪ੍ਰਗਟ ਕਰਨ ਅਤੇ ਅਤਿਵਾਦ ਨਾਲ ਪਾਕਿਸਤਾਨ ਦੇ ਸਬੰਧਾਂ ਨੂੰ ਉਜਾਗਰ ਕਰਨ ਲਈ ਵੱਖ-ਵੱਖ ਦੇਸ਼ਾਂ ਦੇ ਦੌਰੇ 'ਤੇ ਹੈ।

ਥਰੂਰ ਨੇ ਸ਼ਨਿਚਰਵਾਰ ਨੂੰ ਇੱਥੇ ਭਾਰਤੀ-ਅਮਰੀਕੀ ਭਾਈਚਾਰੇ ਦੇ ਪ੍ਰਮੁੱਖ ਮੈਂਬਰਾਂ ਅਤੇ ਪ੍ਰਮੁੱਖ ਮੀਡੀਆ ਹਾਊਸਾਂ ਅਤੇ ਥਿੰਕ ਟੈਂਕਾਂ ਦੇ ਲੋਕਾਂ ਦੇ ਇੱਕ ਚੋਣਵੇਂ ਸਮੂਹ ਨੂੰ ਦੱਸਿਆ ਕਿ ਪਾਕਿਸਤਾਨ ਨੂੰ ਭਾਰਤ ਦਾ ਸੁਨੇਹਾ ਸਪੱਸ਼ਟ ਸੀ ਕਿ ਅਸੀਂ ਕੁਝ ਵੀ ਸ਼ੁਰੂ ਨਹੀਂ ਕਰਨਾ ਚਾਹੁੰਦੇ ਸੀ। ਉਨ੍ਹਾਂ ਕਿਹਾ ਕਿ ਅਸੀਂ ਸਿਰਫ਼ ਅੱਤਵਾਦੀਆਂ ਨੂੰ ਸੁਨੇਹਾ ਦੇ ਰਹੇ ਸੀ। ਤੁਸੀਂ ਸ਼ੁਰੂ ਕੀਤਾ, ਅਸੀਂ ਜਵਾਬ ਦਿੱਤਾ। ਜੇ ਤੁਸੀਂ ਰੁਕੋਗੇ, ਤਾਂ ਅਸੀਂ ਰੁਕਾਂਗੇ। ਅਤੇ ਉਹ ਰੁਕ ਗਏ। ਇਹ ਟਕਰਾਅ 88 ਘੰਟੇ ਚੱਲਿਆ। ਪਿੱਛੇ ਮੁੜ ਕੇ ਦੇਖਦਿਆਂ ਅਸੀਂ ਬਹੁਤ ਨਿਰਾਸ਼ ਹਾਂ ਕਿਉਂਕਿ ਅਜਿਹਾ ਬਿਲਕੁਲ ਨਹੀਂ ਹੋਣਾ ਚਾਹੀਦਾ ਸੀ। ਲੋਕਾਂ ਦੀਆਂ ਜਾਨਾਂ ਗਈਆਂ। ਇਸ ਦੇ ਨਾਲ ਹੀ, ਅਸੀਂ ਇਸ ਤਜ਼ਰਬੇ ਨੂੰ ਇੱਕ ਨਵੇਂ ਦ੍ਰਿੜ ਇਰਾਦੇ ਨਾਲ ਦੇਖਦੇ ਹਾਂ।''

ਥਰੂਰ ਨੇ ਕਿਹਾ ਕਿ ਹੁਣ ਇੱਕ ਨਵਾਂ ਪੈਮਾਨਾ ਬਣਨ ਜਾ ਰਿਹਾ ਹੈ ਕਿ ਪਾਕਿ-ਸਤਾਨ ਵਿੱਚ ਬੈਠੇ ਕਿਸੇ ਵੀ ਵਿਅਕਤੀ ਨੂੰ ਇਹ ਮੰਨਣ ਦੀ ਆਗਿਆ ਨਹੀਂ ਦਿੱਤੀ ਜਾਵੇਗੀ ਕਿ ਉਹ ਸਰਹੱਦ ਪਾਰ ਕਰਕੇ ਭਾਰਤੀ ਨਾਗਰਿਕਾਂ ਨੂੰ ਮਾਰ ਦੇਵੇਗਾ ਅਤੇ ਉਸ ਨੂੰ ਕਿਸੇ ਸਜ਼ਾ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਇਸ ਦੀ ਕੀਮਤ ਚੁਕਾਉਣੀ ਪਵੇਗੀ ਤੇ ਇਹ ਕੀਮਤ ਯੋਜਨਾਬੱਧ ਢੰਗ ਨਾਲ ਵੱਧ ਰਹੀ ਹੈ। ਉਨ੍ਹਾਂ ਕਿਹਾ ਕਿ ਭਾਰਤ ਨੇ ਆਪਣੇ ਕੁਝ ਗੁਆਂਢੀਆਂ ਨੇ ਬਹੁਤ ਵੱਖਰਾ ਵਿਚਾਰ ਵਟਾਂਦਰੇ 'ਤੇ ਧਿਆਨ ਕੇਂਦਰਤ ਕੀਤਾ ਹੈ।

# ਇੰਗਲੈਂਡ ਦੌਰੇ ਲਈ ਸ਼ੁਭਮਨ ਗਿੱਲ ਭਾਰਤੀ ਟੈਸਟ ਟੀਮ ਦੇ ਬਣੇ ਕਪਤਾਨ



ਨਵੀਂ ਦਿੱਲੀ, 25 ਮਈ (ਪੋਸਟ ਬਿਊਰੋ):ਬੀਸੀਸੀਆਈ ਵੱਲੋਂ ਇੰਗਲੈਂਡ ਵਿਰੁੱਧ ਟੈਸਟ ਲੜੀ ਲਈ ਟੀਮ ਦਾ ਐਲਾਨ ਕੀਤੇ ਜਾਣ ਤੋਂ ਬਾਅਦ ਸ਼ੁਭਮਨ ਗਿੱਲ ਨੂੰ ਟੀਮ ਇੰਡੀਆ ਦਾ ਨਵਾਂ ਟੈਸਟ ਕਪਤਾਨ ਨਿਯੁਕਤ ਕੀਤਾ ਗਿਆ ਹੈ। ਲਗਭਗ 47 ਸਾਲਾਂ ਬਾਅਦ, ਇਹ ਕਮਾਨ ਪੰਜਾਬ ਦੇ ਇੱਕ ਕ੍ਰਿਕਟਰ ਨੂੰ ਸੌਂਪੀ ਗਈ ਹੈ। 25 ਸਾਲਾ ਸ਼ੁਭਮਨ ਗਿੱਲ ਜੂਨ ਵਿੱਚ ਇੰਗਲੈਂਡ ਦੌਰੇ 'ਤੇ ਟੀਮ ਦੀ ਕਪਤਾਨੀ ਕਰਨਗੇ। ਉਹ ਪੰਜਾਬ ਤੋਂ ਬਣਨ ਵਾਲਾ ਤੀਜਾ ਕਪਤਾਨ ਬਣਿਆ। ਉਨ੍ਹਾਂ ਤੋਂ ਪਹਿਲਾਂ ਲਾਲਾ ਅਮਰਨਾਥ ਅਤੇ ਬਿਸ਼ਨ ਸਿੰਘ ਬੇਦੀ ਟੈਸਟ ਮੈਚਾਂ ਵਿੱਚ ਕਪਤਾਨੀ ਕਰ ਚੁੱਕੇ ਹਨ।

ਵਿਕਟਕੀਪਰ ਬੱਲੇਬਾਜ਼ ਰਿਸ਼ਭ ਪੰਤ ਨੂੰ ਟੈਸਟ ਕ੍ਰਿਕਟ ਵਿੱਚ ਨਵਾਂ ਉਪ-ਕਪਤਾਨ ਚੁਣਿਆ ਗਿਆ ਹੈ, ਜਿਸਦਾ ਮਤਲਬ ਹੈ ਕਿ ਤੇਜ਼ ਗੇਂਦਬਾਜ਼ ਜਸਪ੍ਰੀਤ ਬੁਮਰਾਹ ਨੂੰ ਲੀਡਰਸ਼ਿਪ ਦੀ ਭੂਮਿਕਾ ਤੋਂ ਖੁੰਝਾਇਆ ਗਿਆ ਹੈ। ਚੋਣਕਾਰਾਂ ਦੇ ਚੇਅਰਮੈਨ ਅਜੀਤ ਅਗਰਕਰ ਦੁਆਰਾ ਐਲਾਨੀ ਗਈ ਟੀਮ ਵਿੱਚੋਂ ਬਾਹਰ ਰੱਖੇ ਗਏ ਵੱਡੇ ਨਾਵਾਂ ਵਿੱਚ ਤੇਜ਼ ਗੇਂਦਬਾਜ਼ ਮੁਹੰਮਦ ਸ਼ਮੀ ਅਤੇ ਬੱਲੇਬਾਜ਼ ਸ਼੍ਰੇਅਸ ਅਈਅਰ ਸ਼ਾਮਲ ਸਨ। ਦਿੱਗਜ ਵਿਰਾਟ ਕੋਹਲੀ ਅਤੇ ਰੋਹਿਤ ਸ਼ਰਮਾ ਦੇ ਟੈਸਟ ਸੰਨਿਆਸ ਤੋਂ ਬਾਅਦ, ਭਾਰਤ ਲਈ ਇੱਕ ਨਵਾਂ ਦੌਰ ਸ਼ੁਰੂ ਹੋਣ ਦੀ ਉਮੀਦ ਹੈ।

ਪੂਰੀ ਭਾਰਤੀ ਟੀਮ: ਸ਼ੁਭਮਨ ਗਿੱਲ (ਕਪਤਾਨ), ਰਿਸ਼ਭ ਪੰਤ (ਉਪ ਕਪਤਾਨ), ਯਸ਼ਸਵੀ ਜੈਸਵਾਲ, ਕੇਐਲ ਰਾਹੁਲ, ਬੀ ਸਾਈ ਸੁਧਰਸਨ, ਅਭਿਮਨਿਊ ਈਸ਼ਵਰਨ, ਕਰੁਣ ਨਾਇਰ, ਨਿਤੀਸ਼ ਰੈੱਡੀ, ਰਵਿੰਦਰ ਜਡੇਜਾ, ਧਰੁਵ ਜੁਰੇਲ, ਵਾਸ਼ਿੰਗਟਨ ਸੁੰਦਰ, ਸ਼ਾਰਦੁਲ ਠਾਕੁਰ, ਜਸਪ੍ਰੀਤ ਬੁਮਰਾਹ, ਮੁਹੰਮਦ ਸਿਰਾਜ, ਪ੍ਰਸਿਧ ਕ੍ਰਿਸ਼ਨਾ, ਆਕ-ਾਸ਼ ਦੀਪ, ਅਰਸ਼ਦੀਪ ਸਿੰਘ, ਕੁਲਦੀਪ ਯਾਦਵ।

# ਬੰਗਲਾਦੇਸ਼ ਵਿੱਚ ਫੌਜ ਨੇ ਗਸ਼ਤ ਵਧਾਈ, 2 ਹਜ਼ਾਰ ਤੋਂ ਵੱਧ ਲੋਕਾਂ ਨੂੰ ਹਿਰਾਸਤ ਵਿੱਚ ਲਿਆ

ਢਾਕਾ, 25 ਮਈ (ਪੋਸਟ ਬਿਊਰੋ): ਬੰਗਲਾਦੇਸ਼ ਵਿੱਚ ਫੌਜ ਨੇ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਗਸ਼ਤ ਵਧਾ ਦਿੱਤੀ ਹੈ। ਢਾਕਾ ਟ੍ਰਿਬਿਊਨ ਦੀ ਇੱਕ ਰਿਪੋਰਟ ਵਿੱਚ ਕਿਹਾ ਗਿਆ ਹੈ ਕਿ ਫੌਜ ਨੇ ਪਿਛਲੇ ਕੁਝ ਦਿਨਾਂ ਵਿੱਚ ਆਪਣੀਆਂ ਕਾਰਵਾਈਆਂ ਤੇਜ਼ ਕਰ ਦਿੱਤੀਆਂ ਹਨ।



ਰਿਪੋਰਟ ਅਨੁਸਾਰ, ਫੌਜ ਨੇ ਕਈ ਥਾਵਾਂ 'ਤੇ ਤਾਇਨਾਤੀ ਵੀ ਵਧਾ ਦਿੱਤੀ ਹੈ। ਦੇਸ਼ ਭਰ ਵਿੱਚ ਫੌਜੀ ਕਰਮਚਾਰੀ ਬਖਤਰਬੰਦ ਵਾਹਨਾਂ ਨਾਲ ਸਰਗਰਮ ਦਿਖਾਈ ਦੇ ਰਹੇ ਹਨ।

ਫੌਜ ਨੇ ਕਾਨੂੰਨ ਵਿਵਸਥਾ ਬਣਾਈ ਰੱਖਣ ਲਈ ਏਜੰਸੀਆਂ ਨਾਲ ਮਿਲ ਕੇ ਪਿਛਲੇ ਮਹੀਨੇ 2 ਹਜ਼ਾਰ ਤੋਂ ਵੱਧ ਲੋਕਾਂ ਨੂੰ ਗ੍ਰਿਫਤਾਰ ਕੀਤਾ ਹੈ।

ਪਿਛਲੇ ਸਾਲ ਅਗਸਤ ਵਿੱਚ ਆਪਣੀ ਤਾਇਨਾਤੀ ਤੋਂ ਬਾਅਦ, ਫੌਜ ਨੇ ਹੁਣ ਤੱਕ 10,000 ਤੋਂ ਵੱਧ ਲੋਕਾਂ ਨੂੰ ਹਿਰਾਸਤ ਵਿੱਚ ਲਿਆ ਹੈ।

ਬੰਗਲਾਦੇਸ਼ ਵਿੱਚ ਚੱਲ ਰਹੇ ਰਾਜਨੀਤਿਕ ਉਥਲ-ਪੁਥਲ ਦੇ ਵਿਚਕਾਰ, ਸਰਕਾਰ ਦੇ ਮੁੱਖ ਸਲਾਹਕਾਰ ਮੁਹੰਮਦ ਯੂਨਸ ਆਪਣੇ ਅਹੁਦੇ 'ਤੇ ਬਣੇ ਰਹਿਣਗੇ। ਪਹਿਲਾਂ ਇਹ ਮੰਨਿਆ ਜਾ ਰਿਹਾ ਸੀ ਕਿ ਉਹ ਰਾਜਨੀਤਿਕ ਅਤੇ ਫੌਜੀ ਦਬਾਅ ਕਾਰਨ ਅਸਤੀਫਾ ਦੇ ਸਕਦੇ ਹਨ।

ਮੁਹੰਮਦ ਯੂਨਸ ਨੇ ਸ਼ਨੀਵਾਰ ਨੂੰ ਸਲਾਹਕਾਰ ਪ੍ਰੀਸ਼ਦ ਦੀ ਮੀਟਿੰਗ ਬੁਲਾਈ ਸੀ। ਇਸ ਮੀਟਿੰਗ ਤੋਂ ਬਾਅਦ, ਯੋਜਨਾ ਸਲਾਹਕਾਰ ਵਹੀਦੁਦੀਨ ਮਹਿਮੂਦ ਨੇ ਕਿਹਾ - ਮੁਹੰਮਦ ਯੂਨਸ ਸਾਡੇ ਨਾਲ ਰਹਿਣ-ਗੇ।

ਉਨ੍ਹਾਂ ਕਿਹਾ ਕਿ ਸਾਨੂੰ ਨਵੀਆਂ ਜ਼ਿੰਮੇਵਾਰੀਆਂ ਵੀ ਸੌਂਪੀਆਂ ਗਈਆਂ ਹਨ। ਨਿਊਜ਼ ਏਜੰਸੀ ਯੂਐੱਨਬੀ ਅਨੁਸਾਰ, ਸਲਾਹਕਾਰ ਪ੍ਰੀਸ਼ਦ ਦੀ ਮੀਟਿੰਗ ਤੋਂ ਬਾਅਦ, ਮੰਤਰੀਆਂ ਨਾਲ ਇੱਕ ਮੀਟਿੰਗ ਜਲਦੀ ਹੀ ਹੋਵੇਗੀ।

ਇਸ ਦੇ ਨਾਲ ਹੀ, ਫੌਜ ਮੁਖੀ ਵਕਾਰ-ਉਜ਼-ਜ਼ਮਾਨ ਨੇ ਸਪੱਸ਼ਟ ਤੌਰ 'ਤੇ ਦਸੰਬਰ ਤੱਕ ਚੋਣਾਂ ਕਰਵਾਉਣ ਦਾ ਅਲਟੀਮੇਟਮ ਦਿੱਤਾ ਹੈ। ਦੂਜੇ ਪਾਸੇ, ਵਿਰੋਧੀ ਪਾਰਟੀਆਂ ਬੀਐੱਨਪੀ ਅਤੇ ਜਮਾਤ-ਏ-ਇਸਲਾਮੀ ਵਿਚਕਾਰ ਚੋਣਾਂ ਨੂੰ ਲੈ ਕੇ ਵਿਚਾਰ-ਵਟਾਂਦਰਾ ਕੀਤਾ ਜਾ ਰਿਹਾ ਹੈ ਅਤੇ ਸੜਕਾਂ 'ਤੇ ਸੰਘਰਸ਼ ਲਈ ਰਣਨੀਤੀਆਂ ਬਣਾਈਆਂ ਜਾ ਰਹੀਆਂ ਹਨ।

# ਕੇਰਲਾ ਦੇ ਖੇਤੀਬਾੜੀ ਮੰਤਰੀ ਨੇ ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਦਫ਼ਤਰ ਦਾ ਕੀਤਾ ਦੌਰਾ



ਚੰਡੀਗੜ੍ਹ, 24 ਮਈ (ਪੋਸਟ ਬਿਊਰੋ): ਬੀਤੇ ਦਿਨ ਕੇਰਲਾ ਸਰਕਾਰ ਦੇ ਖੇਤੀਬਾੜੀ ਮੰਤਰੀ ਪੀ. ਪ੍ਰਸਾਦ ਨੇ ਆਪਣੇ ਪੰਜਾਬ ਦੌਰੇ ਦੌਰਾਨ ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਦਫਤਰ ਦਾ ਦੌਰਾ ਕੀਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਚੇਅਰਮੈਨ ਸ੍ਰੀ ਬਾਲ ਮੁਕੰਦ ਸ਼ਰਮਾ ਨੇ ਦੱਸਿਆ ਕਿ ਕੇਰਲ ਦੇ ਖੇਤੀਬਾੜੀ ਮੰਤਰੀ ਦੇ ਦੋਰੇ ਦੌਰਾਨ ਹੋਈ ਚਰਚਾ ਦਾ ਮੁੱਖ ਮੁੱਦਾ ਦੋਵਾਂ ਰਾਜਾਂ ਵਿੱਚ ਮਿਡ ਡੇ ਮੀਲ ਸਕੀਮ ਵਿਚ ਹੋਰ ਸੁਧਾਰ ਕਰਨ ਦੀ ਦਿਸ਼ਾ ਵਿਚ ਕੀਤੇ ਜਾਣ ਵਾਲੇ ਕੰਮਾਂ ਬਾਰੇ ਚਰਚਾ ਕੀਤੀ ਗਈ।

ਸ਼ਰਮਾ ਨੇ ਪੰਜਾਬ ਸਰਕਾਰ ਵੱਲੋਂ ਸੂਬੇ ਵਿਚ ਚਲਾਈ ਜਾ ਰਹੀ ਮਿਡ ਡੇ ਮੀਲ ਸਕੀਮ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ, ਜਿਸਦੀ ਕੇਰਲਾ ਦੇ ਖੇਤੀਬਾੜੀ ਮੰਤਰੀ ਨੇ ਬਹੁਤ ਪ੍ਰਸ਼ੰਸਾ ਕੀਤੀ ਅਤੇ ਉਨ੍ਹਾਂ ਨੇ ਆਪਣੇ ਰਾਜ ਵਿੱਚ ਮਿਡ ਡੇ ਮੀਲ ਸਕੀਮ ਬਾਰੇ ਜਾਣਕਾਰੀ ਦਿੱਤੀ। ਚੇਅਰਮੈਨ ਨੇ ਪੰਜਾਬ ਵਿੱਚ ਖੁਰਾਕ ਸੁਰੱਖਿਆ ਦੇ ਨਾਲ-ਨਾਲ ਪੋਸ਼ਣ ਸੁਰੱਖਿਆ ਦਾ ਹਵਾਲਾ ਦਿੰਦੇ ਹੋਏ ਨਵੇਂ ਨਿਰਦੇਸ਼ਾਂ ਬਾਰੇ ਦੱਸਿਆ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਦੇ ਸਕੂਲਾਂ ਵਿੱਚ ਪੌਸ਼ਟਿਕ ਰਸੋਈ ਬਾਗਾਂ ਅਤੇ ਜੜੀ-ਬੂਟੀਆਂ ਦੇ ਪੌਦਿਆਂ ਨੂੰ ਵਧਾਉਣਾ ਰਾਜ ਸਰਕਾਰ ਦੀ ਸਭ ਤੋਂ ਵੱਡੀ ਤਰਜੀਹ ਹੈ।

ਚੇਅਰਮੈਨ ਵਲੋਂ ਦੱਸਿਆ ਗਿਆ ਕਿ ਕਮਿਸ਼ਨ ਦੇ ਸਾਰੇ ਮੈਂਬਰ ਨਿਯਮਿਤ ਤੌਰ 'ਤੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਮਿਡ ਡੇ ਮੀਲ, ਆਂਗਣਵਾੜੀਆਂ ਅਤੇ ਅਨਾਜ ਵੰਡ ਦੀ ਜਾਂਚ ਦਾ ਦੌਰਾ ਕਰਨ ਜਾਂਦੇ ਹਨ। ਹੁਣ ਸਾਰੇ ਮੈਂਬਰਾਂ ਨੂੰ ਪੀਣ ਵਾਲੇ ਪਾਣੀ ਦੀ ਗੁਣਵੱਤਾ ਦੀ ਜਾਂਚ ਕਰਨ ਲਈ ਪਾਣੀ ਦੇ ਨਮੂਨੇ ਵਾਲੀਆਂ ਮਸ਼ੀਨਾਂ ਅਤੇ ਅਨਾਜ ਵਿੱਚ ਨਮੀ ਦੀ ਮਾਤਰਾ ਦੀ ਜਾਂਚ ਕਰਨ ਲਈ ਨਮੀ ਮੀਟਰ ਜਾਰੀ ਕੀਤੇ ਗਏ ਹਨ।

ਇਸ ਮੌਕੇ ਕਮਿਸ਼ਨ ਦੇ ਚੇਅਰਮੈਨ ਬਾਲ ਮੁਕੰਦ ਸ਼ਰਮਾ, ਪ੍ਰੀਤੀ ਚਾਵਲਾ, ਮੈਂਬਰ ਅਤੇ ਕਮਲ ਕੁਮਾਰ ਗਰਗ ਮੈਂਬਰ ਸਕੱਤਰ ਵਲੋਂ ਕੇਰਲ ਦੇ ਖੇਤੀਬਾੜੀ ਮੰਤਰੀ ਪੀ ਪ੍ਰਸ਼ਾਦ ਨੂੰ ਯਾਦਗਾਰੀ ਚਿੰਨ੍ਹ ਭੇਟ ਕੀਤੇ ਗਏ।


TAX & ACCOUNTING

TAX | HST REBATE | ADVISORY |
ACCOUNTING | INCORPORATION |
BUSINESS LOAN | PERSONAL TAX

Harcharan S. Grover
Chartered Accountant

ਸਾਨੂੰ ਕਾਲ ਕਰੋ ਤੇ ਆਪਣਾ ਟੈਕਸ ਬਚਾਓ

Call for Professional Advice
905.247.0193
info@grovercpa.ca
GroVerCPA Professional Corporation
214-7895 Tranmere Drive, Mississauga ON L5S 1V9

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ

- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?

ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

ਆਓ ਸੱਤ ਸਮੁੰਦਰੋ ਪਾਰ ਵਾਲਿਆਂ ਦਾ ਵੀ ਸੋਚੀਏ

Super Visa

- How your spouse can join you within 4-6 months
- How your parents can join you
- How students & skilled people can come to Canada
- How international Students & Foreign workers can get their immigration

We do appeal for Refusal cases also
Sponsor Your Family
MacroGlobal Immigration Services Ltd.
Seema Bhayana
MEMBER ICCRC
Ph: 905 452 0000, 905 452 9999
180 Wilkinson Road, Unit 18 Brampton, ON L6T 4M3
Fax: 905 452 9996 Email: macroglobal@rogers.com
www.macroimmigration.com

SherGill Law Firm
Barrister, Solicitor & Notary Public

Services:
- Real Estate
- Residential, Commercial & Franchise
- Criminal Law
- Family Law
- Affidavit, Power Of Attorney & Notarization
- Immigration Matters

Paramjit Singh Gill
(MBA,LL.B.)
Tel: 905-790-3636
2565 Steeles Ave E Unit #20, Brampton, ON L6T 4L6
Emergency Contact:
416.910.5676
www.shergilllawfirm.ca

# ਭਾਰਤ ਦੁਨੀਆਂ ਦੀ ਚੌਥੀ ਸਭ ਤੋਂ ਵੱਡੀ ਅਰਥਵਿਵਸਥਾ ਬਣਿਆ : ਸੁਬ੍ਰਹਮਣੀਅਮ



ਨਵੀਂ ਦਿੱਲੀ, 25 ਮਈ (ਪੋਸਟ ਬਿਊਰੋ): ਨੀਤੀ ਆਯੋਗ ਦੀ 10ਵੀਂ ਗਵਰਨਿੰਗ ਕੌਂਸਲ ਮੀਟਿੰਗ ਤੋਂ ਬਾਅਦ ਨੀਤੀ ਆਯੋਗ ਦੇ ਸੀਈਓ ਬੀਵੀਆਰ ਸੁਬ੍ਰਹਮਣੀਅਮ ਨੇ ਦੇਸ਼ ਦੀ ਆਰਥਿਕਤਾ 'ਤੇ ਟਿੱਪਣੀ ਕੀਤੀ। ਨੀਤੀ ਆਯੋਗ ਦੇ ਸੀਈਓ ਨੇ ਕਿਹਾ ਕਿ ਅਸੀਂ ਚੌਥੀ ਸਭ ਤੋਂ ਵੱਡੀ ਅਰਥਵਿਵਸਥਾ ਹਾਂ। ਅਸੀਂ 4 ਟ੍ਰਿਲੀਅਨ ਡਾਲਰ ਦੀ ਆਰਥਿਕਤਾ ਹਾਂ, ਅਤੇ ਇਹ ਮੇਰਾ ਡੇਟਾ ਨਹੀਂ ਹੈ। ਉਨ੍ਹਾਂ ਕਿਹਾ ਕਿ ਇਹ ਡੇਟਾ ਹੈ ਅਤੇ ਭਾਰਤ ਅੱਜ ਜਪਾਨ ਨਾਲੋਂ ਵੱਡਾ ਹੈ।

ਉਨ੍ਹਾਂ ਕਿਹਾ ਕਿ ਸਿਰਫ਼ ਅਮਰੀਕਾ, ਚੀਨ ਅਤੇ ਜਰਮਨੀ ਹੀ ਸਾਡੇ ਤੋਂ ਵੱਡੇ ਹਨ। ਜੇਕਰ ਅਸੀਂ ਉਸ ਸੋਚ 'ਤੇ ਕਾਇਮ ਰਹੇ ਜੋ ਸੋਚਿਆ ਜਾ ਰਿਹਾ ਹੈ, ਤਾਂ ਅਗਲੇ 2.5 ਤੋਂ 3 ਸਾਲਾਂ 'ਚ ਅਸੀਂ ਤੀਜੀ ਸਭ ਤੋਂ ਵੱਡੀ ਅਰਥਵਿਵਸਥਾ ਬਣ ਜਾਵਾਂਗੇ।

ਸੁਬ੍ਰਹਮਣੀਅਮ ਨੇ ਕਿਹਾ ਕਿ ਭਾਰਤ ਇੱਕ ਅਜਿਹੇ ਪੜਾਅ 'ਤੇ ਹੈ ਜਿੱਥੇ ਇਹ ਬਹੁਤ ਤੇਜ਼ੀ ਨਾਲ ਵਿਕਾਸ ਕਰ ਸਕਦਾ ਹੈ, ਜਿਵੇਂ ਕਿ ਪਹਿਲਾਂ ਬਹੁਤ ਸਾਰੇ ਦੇਸ਼ਾਂ ਨੇ ਕੀਤਾ ਹੈ। ਭਾਰਤ ਨੂੰ ਅਗਲੇ 20 ਤੋਂ 25 ਸਾਲਾਂ ਲਈ ਜਨਸੰਖਿਆ ਲਾਭਅੰਸ਼ ਦੀ ਬਖਸ਼ਿਸ਼ ਪ੍ਰਾਪਤ ਹੈ, ਜੋ ਸਾਨੂੰ ਤੇਜ਼ੀ ਨਾਲ ਵਿਕਾਸ ਕਰਨ ਦੀ ਆਗਿਆ ਦੇਵੇਗਾ।"

ਪ੍ਰਧਾਨ ਮੰਤਰੀ ਨੇ ਸਾਰੇ ਰਾਜਾਂ ਨੂੰ ਆਪਣੇ ਪੱਧਰ 'ਤੇ ਵਿਜ਼ਨ ਦਸਤਾਵੇਜ਼ ਤਿਆਰ ਕਰਨ ਦਾ ਸੱਦਾ ਦਿੱਤਾ ਹੈ। ਇਸ 'ਚ ਭਾਰਤ ਦੇ ਵਿਕਾਸ ਦਾ ਬਲੂਪ੍ਰਿੰਟ ਪਹਿਲਾਂ ਹੀ ਦਿਖ ਰਿਹਾ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਹਵਾਲਾ ਦਿੰਦੇ ਹੋਏ, ਨੀਤੀ ਆਯੋਗ ਦੇ ਮੁਖੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨੇ ਸੂਬਿਆਂ ਨੂੰ ਭਾਰਤ ਦਾ ਵਿਕਾਸ ਕਰਨ ਦਾ ਸੱਦਾ ਦਿੱਤਾ ਹੈ ਕਿਉਂਕਿ ਇਹ ਇੱਕ ਲੰਬਾ ਸਫ਼ਰ ਹੈ।

ਕੇਂਦਰੀ ਮੰਤਰੀ ਜਤਿੰਦਰ ਸਿੰਘ ਨੇ ਇਹ ਵੀ ਕਿਹਾ ਕਿ ਭਾਰਤ ਜਾਪਾਨ ਨੂੰ ਪਛਾੜ ਕੇ ਦੁਨੀਆ ਦੀ ਚੌਥੀ ਸਭ ਤੋਂ ਵੱਡੀ ਅਰਥਵਿਵਸਥਾ ਬਣ ਗਿਆ ਹੈ। ਉਨ੍ਹਾਂ ਕਿਹਾ ਕਿ ਵਿਕਸਤ ਭਾਰਤ ਨੇ ਇੱਕ ਤੇਜ਼ ਕਦਮ ਅੱਗੇ ਵਧਾਇਆ ਹੈ, ਇੱਕ ਵੱਡੀ ਛਾਲ ਮਾਰੀ ਹੈ।

# ਹਰਿਆਣਾ 'ਚ ਅੰਤਰਰਾਸ਼ਟਰੀ ਪੱਧਰ ਦਾ ਸੈਰ-ਸਪਾਟਾ ਕੇਂਦਰ ਬਣਾਇਆ ਜਾਵੇਗਾ : ਸੈਣੀ



ਨਵੀਂ ਦਿੱਲੀ, 25 ਮਈ (ਪੋਸਟ ਬਿਊਰੋ): ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪਹਿਲਗਾਮ ਘਟਨਾ ਤੋਂ ਬਾਅਦ ਆਪ੍ਰੇਸ਼ਨ ਸੰਧੂਰ ਰਾਹੀਂ ਪਾਕਿਸਤਾਨ ਨੂੰ ਢੁਕਵਾਂ ਜਵਾਬ ਦੇਣ 'ਚ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ਅਤੇ ਭਾਰਤੀ ਫੌਜ ਦੀ ਬਹਾਦਰੀ ਦੀ ਨੀਤੀ ਆਯੋਗ ਦੀ 10ਵੀਂ ਗਵਰਨਿੰਗ ਕੌਂਸਲ ਮੀਟਿੰਗ 'ਚ ਪ੍ਰਸ਼ੰਸਾ ਕੀਤੀ ਗਈ। ਮੀਟਿੰਗ 'ਚ ਸ਼ਾਮਲ ਸਾਰੇ ਮੁੱਖ ਮੰਤਰੀਆਂ ਨੇ ਇਸ ਕਾਰਵਾਈ ਲਈ ਪ੍ਰਧਾਨ ਮੰਤਰੀ ਅਤੇ ਭਾਰਤੀ ਫੌਜ ਨੂੰ ਵਧਾਈ ਦਿੱਤੀ।

ਉਨ੍ਹਾਂ ਕਿਹਾ ਕਿ ਅੱਜ ਦੀ ਨੀਤੀ ਆਯੋਗ ਮੀਟਿੰਗ ਵਿੱਚ ਪ੍ਰਧਾਨ ਮੰਤਰੀ ਮੋਦੀ ਨੇ ਜੋ ਵੀ ਟੀਚੇ ਦਿੱਤੇ ਹਨ, ਮੈਂ ਉਨ੍ਹਾਂ ਨੂੰ ਹਰਿਆਣਾ ਵੱਲੋਂ ਭਰੋਸਾ ਦਿਵਾਉਂਦਾ ਹਾਂ ਕਿ ਵਿਕਸਤ ਭਾਰਤ 2047 ਦੇ ਦ੍ਰਿਸ਼ਟੀਕੋਣ ਨਾਲ, ਹਰਿਆਣਾ ਇਸ ਦਿਸ਼ਾ 'ਚ ਤੇਜ਼ੀ ਨਾਲ ਅੱਗੇ ਵਧੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਮੀਟਿੰਗ ਵਿੱਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਪੇਂਡੂ ਭਾਰਤ ਦੇ ਵਿਕਾਸ ਅਤੇ ਔਰਤਾਂ ਦੇ ਸਸ਼ਕਤੀਕਰਨ 'ਤੇ ਵਿਸ਼ੇਸ਼ ਜ਼ੋਰ ਦੇਣ ਦੀ ਗੱਲ ਕੀਤੀ। ਨਾਇਬ ਸਿੰਘ ਸੈਣੀ ਨੇ ਕਿਹਾ ਕਿ ਹਰਿਆਣਾ ਵਿੱਚ ਪੰਜ ਲੱਖ ਲਖਪਤੀ ਦੀਦੀ ਬਣਾਉਣ ਦਾ ਟੀਚਾ ਮਿੱਥਿਆ ਗਿਆ ਸੀ, ਹੁਣ ਤੱਕ ਦੋ ਲੱਖ ਔਰਤਾਂ ਨੂੰ ਲਖਪਤੀ ਦੀਦੀ ਬਣਾਇਆ ਜਾ ਚੁੱਕਾ ਹੈ। ਇਸ ਦੇ ਨਾਲ ਹੀ ਡਰੋਨ ਦੀਦੀ ਯੋਜਨਾ ਰਾਹੀਂ ਔਰਤਾਂ ਨੂੰ ਆਤਮਨਿਰਭਰ ਵੀ ਬਣਾਇਆ ਜਾ ਰਿਹਾ ਹੈ।

ਨਾਇਬ ਸਿੰਘ ਸੈਣੀ ਨੇ ਕਿਹਾ ਕਿ ਅੱਜ ਦੀ ਮੀਟਿੰਗ ਵਿੱਚ ਪ੍ਰਧਾਨ ਮੰਤਰੀ ਨੇ ਦੇਸ਼ ਦੇ ਸਾਰੇ ਮੁੱਖ ਮੰਤਰੀਆਂ ਨੂੰ ਕਿਹਾ ਹੈ ਕਿ ਉਹ ਆਪਣੇ-ਆਪਣੇ ਸੂਬਿਆਂ 'ਚ ਘੱਟੋ-ਘੱਟ ਇੱਕ ਸਥਾਨ ਨੂੰ ਅੰਤਰਰਾਸ਼ਟਰੀ ਮਾਪਦੰਡਾਂ ਅਨੁਸਾਰ ਸੈਰ-ਸਪਾਟਾ ਕੇਂਦਰ ਵਜੋਂ ਵਿਕਸਤ ਕਰਨ। ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ 'ਚ ਇੱਕ ਅੰਤਰਰਾਸ਼ਟਰੀ ਪੱਧਰ ਦਾ ਸੈਰ-ਸਪਾਟਾ ਕੇਂਦਰ ਵੀ ਵਿਕਸਤ ਕੀਤਾ ਜਾਵੇਗਾ। ਹਰਿਆਣਾ 'ਚ ਸੈਰ-ਸਪਾਟੇ ਦੀਆਂ ਅਥਾਹ ਸੰਭਾਵਨਾਵਾਂ ਹਨ ਅਤੇ ਸੂਬਾ ਸਰਕਾਰ ਇਸ ਵਿਸ਼ੇ 'ਤੇ ਗੰਭੀਰਤਾ ਨਾਲ ਕੰਮ ਕਰੇਗੀ।

ਮੁੱਖ ਮੰਤਰੀ ਨੇ ਕਿਹਾ ਕਿ ਅੱਜ ਦੀ ਮੀਟਿੰਗ 'ਚ ਪ੍ਰਧਾਨ ਮੰਤਰੀ ਨੇ ਦਰਿਆਵਾਂ ਨੂੰ ਜੋੜਨ ਅਤੇ ਪਾਣੀ ਦੀ ਸੰਭਾਲ 'ਤੇ ਵੀ ਵਿਸ਼ੇਸ਼ ਜ਼ੋਰ ਦਿੱਤਾ। ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਸਰਕਾਰ ਇਸ ਦਿਸ਼ਾ ਵਿੱਚ ਮਹੱਤਵਪੂਰਨ ਕੰਮ ਕਰ ਰਹੀ ਹੈ। ਖਾਸ ਕਰਕੇ ਡਾਰਕ ਜ਼ੋਨਾਂ 'ਚ ਅਟਲ ਭੂਮੀਗਤ ਜਲ ਯੋਜਨਾ ਅਤੇ ਅੰਮ੍ਰਿਤ ਸਰੋਵਰ ਆਦਿ ਸਕੀਮਾਂ ਰਾਹੀਂ ਪਾਣੀ ਦੀ ਸੰਭਾਲ ਨੂੰ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਪੰਜਾਬ ਤੋਂ ਪਾਣੀ ਮਿਲਣ ਬਾਰੇ ਸਵਾਲ ਦਾ ਜਵਾਬ ਦਿੰਦੇ ਹੋਏ ਉਨ੍ਹਾਂ ਕਿਹਾ ਕਿ ਹਰਿਆਣਾ ਨੂੰ ਹੁਣ ਪਾਣੀ ਮਿਲਣਾ ਸ਼ੁਰੂ ਹੋ ਗਿਆ ਹੈ।

ਵਿਰੋਧੀ ਧਿਰ, ਖਾਸ ਕਰਕੇ ਕਾਂਗਰਸੀ ਆਗੂਆਂ 'ਤੇ ਨਿਸ਼ਾਨਾ ਸਾਧਦੇ ਹੋਏ ਉਨ੍ਹਾਂ ਕਿਹਾ ਕਿ ਅੱਜ ਗਰੀਬ ਪਰਿਵਾਰਾਂ ਦੇ ਹੁਸ਼ਿਆਰ ਬੱਚੇ ਆਪਣੀ ਮਿਹਨਤ ਦੇ ਬਲਬੂਤੇ 'ਤੇ ਨੌਕਰੀਆਂ ਪ੍ਰਾਪਤ ਕਰ ਰਹੇ ਹਨ। ਨੌਕਰੀਆਂ ਦੇ ਸੰਬੰਧ 'ਚ ਕਾਂਗਰਸੀ ਆਗੂਆਂ ਨੂੰ ਆਪਣੇ ਸ਼ਾਸਨ ਕਾਲ ਨੂੰ ਯਾਦ ਰੱਖਣਾ ਚਾਹੀਦਾ ਹੈ ਅਤੇ ਉਸ ਸਮੇਂ ਨੌਜਵਾਨਾਂ ਦੇ ਹਿੱਤਾਂ 'ਤੇ ਕਿਵੇਂ ਹਮਲਾ ਕੀਤਾ ਗਿਆ ਸੀ।

# ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਮੈਮੋਰੀਅਲ ਐਜੂਕੇਸ਼ਨਲ ਟਰੱਸਟ ਦੀ ਹੋਈ ਮੀਟਿੰਗ

ਦਸੂਹਾ, 25 ਮਈ (ਗਿਆਨ ਸਿੰਘ): ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਮੈਮੋਰੀਅਲ ਐਜੂਕੇਸ਼ਨਲ ਟਰਸਟ ਸਿੰਘਪੁਰ ਮੁਕੇਰੀਆਂ ਦਸੂਹਾ ਦੀ ਮੀਟਿੰਗ ਹਰਦੇਵ ਸਿੰਘ ਕੌਸਲ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਨਵੇਂ ਕਾਰਜ ਆਰੰਭ ਕਰਨ ਲਈ ਅਤੇ ਪ੍ਰਬੰਧ ਕਰਨ ਲਈ ਵਿਚਾਰ ਵਟਾਂਦਰਾ ਕਰਨ ਉਪਰੰਤ ਬਹੁਤ ਹੀ ਸੂਝਵਾਨ ਵਿਅਕਤੀਆਂ ਦੀ ਵੱਖ-ਵੱਖ ਥਾਵਾਂ ਤੋਂ ਚੋਣ ਕੀਤੀ ਗਈ। ਗੁਰਦੇਵ ਸਿੰਘ ਦਿੱਲੀ ਉਹਨਾਂ ਨੂੰ ਰਾਮਗੜ੍ਹੀਆ ਕੌਮ ਦਾ ਇਤਿਹਾਸ ਲਿਖਣ ਲਈ ਕਿਹਾ ਗਿਆ। ਪ੍ਰਭ ਸਿਮਰਨ ਸਿੰਘ ਪਟਿਆਲਾ ਤੋਂ ਉਹਨਾਂ ਨੂੰ ਕਿਲ੍ਹੇ ਦੇ ਗੇਟ ਦਾ ਡਿਜ਼ਾਇਨ ਤਿਆਰ ਕਰਨ ਲਈ ਕਿਹਾ ਗਿਆ । ਬੀਬੀ ਪ੍ਰੀਤੀ ਸਿੰਘ ਹੁਸ਼ਿਆਰਪੁਰ ਨੂੰ ਮੀਟਿੰਗ ਹਾਲ ਅਤੇ ਸਟੈਚੂ ਦੇ ਫੌਂਡੀਸ਼ਨ ਦਾ ਨਕਸ਼ਾ ਤਿਆਰ ਕਰਨ ਲਈ ਕਿਹਾ ਗਿਆ। ਚੰਨੀ ਟਕੌਲੀਆ ਜਲੰਧਰ ਜਿਨ੍ਹਾਂ ਨੂੰ ਇਤਿਹਾਸਕ ਵਸਤਾਂ ਅਤੇ ਇਤਿਹਾਸ ਨੂੰ ਸਾਂਭਣ ਲਈ ਮਿਊਜ਼ੀਅਮ ਦਾ ਡਿਜ਼ਾਇਨ ਤਿਆਰ ਕਰਨ ਲਈ ਕਿਹਾ ਗਿਆ। ਮੱਖਣ ਸਿੰਘ ਮੁਕੇਰੀਆਂ ਨੂੰ ਇਤਿਹਾਸਕ ਖੂਹ ਤੇ ਮੀਨਾਰ ਅਤੇ ਨਿਸ਼ਾਨ ਸਾਹਿਬ ਜੀ ਦੇ ਥੜ੍ਹੇ ਦਾ ਡਿਜ਼ਾਈਨ ਤਿਆਰ ਕਰਨ ਲਈ ਕਿਹਾ ਗਿਆ।

ਪਹਿਲਾਂ ਸਭ ਦਾ ਭਰਵਾਂ ਸਵਾਗਤ ਕੀਤਾ ਗਿਆ ਉਪਰੰਤ ਟਰੱਸਟ ਵੱਲੋਂ ਇਹਨਾਂ ਪੰਜਾਂ ਆਰਟੀਟੈਕਟਸ ਨੂੰ ਟਰੱਸਟ ਅੰਦਰ ਪੱਕੇ ਤੌਰ ਤੇ ਮੈਂਬਰ ਬਣਾਇਆ ਗਿਆ। ਇਹਨਾਂ ਨਵੇਂ ਮੈਂਬਰਜ ਨੇ ਇਸ ਇਤਿਹਾਸਕ ਜਗ੍ਹਾ ਦੀ ਬਹੁਤ ਸ਼ਲਾਘਾ ਕੀਤੀ ਅਤੇ ਸਾਰੇ ਹੀ ਕਿਲ੍ਹੇ ਦਾ ਨਰੀਖਣ ਕੀਤਾ। ਇਨ੍ਹਾਂ ਸਾਰੇ ਮੈਂਬਰਾਂ ਨੂੰ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋਣ ਉਪਰੰਤ ਸਨਮਾਨਿਤ ਕੀਤਾ ਗਿਆ। ਇਹਨਾਂ ਮੈਂਬਰਾਂ ਨੇ ਭਰੋਸਾ ਦਿੱਤਾ ਕਿ ਬਹੁਤ ਜਲਦੀ ਜੋ ਜੋ ਜ਼ਿੰਮੇਵਾਰੀਆਂ ਮਿਲੀਆਂ ਹਨ ਉਹਨਾਂ ਤੇ ਜਲਦੀ ਕੰਮ ਸ਼ੁਰੂ ਕਰ ਦਿੱਤਾ ਜਾਵੇਗਾ। ਅੱਜ ਦੀ ਮੀਟਿੰਗ ਵਿੱਚ ਵਾਈਸ ਚੇਅਰਮੈਨ ਪ੍ਰਦੀਪ ਸਿੰਘ ਪਲਾਹਾ, ਹਰਬੰਸ ਸਿੰਘ ਟਾਂਡਾ ਪ੍ਰਧਾਨ, ਦਵਿੰਦਰ ਸਿੰਘ ਜਨਰਲ ਸਕੱਤਰ, ਲਖਵੀਰ ਸਿੰਘ ਕੈਸ਼ੀਅਰ, ਕਾਬਲ ਸਿੰਘ ਜਨਰਲ ਮੈਨੇਜਰ, ਜਸਵੰਤ ਸਿੰਘ ਭੋਗਲ, ਦਲਜੀਤ ਸਿੰਘ ਦਸੂਹਾ, ਸ਼ਰਨਜੀਤ ਸਿੰਘ ਮੁਕੇਰੀਆਂ, ਗੁਰਮੁਖ ਸਿੰਘ ਸਿੰਘਪੁਰ, ਬੱਬੂ ਘੋਗਰਾ, ਬੀਬੀਆਂ ਦਾ ਜੱਥਾ ਹਾਜ਼ਰ ਸਨ।



PURBA APPRAISALS INC.

WE PROVIDE RESIDENTIAL REAL ESTATE APPRAISAL SERVICES FOR:



•Mortgage Financing
•Tax/Capital Gain
•Divorce/Separation of Assets
•Litigation Support
•Pre-listing Appraisals

Gurpreet Purba
Broker, CRA
416-669-1423
www.purbahomes.com

CAPITAL SERVICES
INSURANCE | VEHICLE REG. | IMMIGRATION | NOTARY PUBLIC | LIVE SCAN
ਸੈਕਰਾਮੈਂਟੋ, ਕੈਲੀਫੋਰਨੀਆ
AUTO · HOME · TRUCK · BUSINESS · LIFE · MEDICAL

ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜ਼ਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.

Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779

Other Services
* Live Scan / Fingerprints
* Covered California.
* Drug Testing * Alcohol Test
* Notary Services
* International Driver Lic.
Lic. 6000947

Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us

CAPITAL DRUG TESTING
Drug and Alcohol Test
Capital DRUG TESTING
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse,
DOT Supervisor Training, SAP Classes Etc.
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com

# ਵਿਲਜ਼ਰ ਕਿੰਗ ਕੰਪਨੀ ਵੱਲੋਂ ਗੁਰਮੇਲ ਬੌਡੇ ਦਾ ਸਨਮਾਨ



ਮੋਗਾ, 25 ਮਈ (ਗਿਆਨ ਸਿੰਘ): ਪਰਗਤੀਸ਼ੀਲ ਮੰਚ ਪੰਜਾਬ ਅਤੇ ਲੋਕ ਸਾਹਿਤ ਅਕਾਦਮੀ ਵੱਲੋਂ ਮਿਲਕੇ ਸੁਪਰੀਮ ਕੌਨਵੈਂਟ ਸਕੂਲ ਬਿਲਾਸਪੁਰ ਵਿਖੇ ਸਾਹਿਤਕ ਸਮਾਗਮ ਕਰਵਾਇਆ ਗਿਆ। ਇਸ ਸਾਹਿਤਕ ਸਮਾਗਮ ਵਿੱਚ ਬਹੁਤ ਸਾਰੇ ਲੇਖਕਾਂ ਅਤੇ ਪਾਠਕਾਂ ਨੇ ਭਾਗ ਲਿਆ।ਲੇਖਕਾਂ ਨੇ ਆਪਣੇ ਵਿਚਾਰਾਂ ਅਤੇ ਕਵੀਆਂ ਨੇ ਕਵਿਤਾਵਾਂ ਰਾਹੀਂ ਬੌਧਿਕ ਗਿਆਨ ਵੰਡਿਆ। ਇਸ ਸਮਾਗਮ ਦੇ ਪਧਾਨਗੀ ਮੰਡਲ ਵਿੱਚ ਸ ਚਰਨ ਸਿੰਘ, ਮਨਦੀਪ ਕੌਰ ਭਦੌੜ, ਸਿਰਮੌਰ ਲੇਖਕ ਬਲਦੇਵ ਸੜਕਨਾਮਾ, ਅਸ਼ੋਕ ਚੁਟਾਨੀ ਪ੍ਰਧਾਨ ਲੋਕ ਸਾਹਿਤ ਅਕਾਦਮੀ, ਜਗਦੀਸ਼ ਰਾਣਾ, ਡਾ ਕੁਲਦੀਪ ਦੀਪ, ਗੁਰਨਾਮ ਬਾਵਾ ਅੰਬਾਲਾ , ਗੁਰਚਰਨ ਸਿੰਘ ਸੰਘਾ, ਸੁਰਜੀਤ ਜੱਜ ਸ਼ਸ਼ੋਭਤ ਸਨ। ਮੰਚ ਸੰਚਾਲਨ ਚਰਨਜੀਤ ਸਮਾਲਸਰ ਨੇ ਕੀਤਾ। ਵਿਚਾਰ ਚਰਚਾ ਵਿੱਚ ਪਧਾਨਗੀ ਮੰਡਲ ਸਮੇਤ ਡਾ ਸੁਰਜੀਤ ਬਰਾੜ, ਕੌਮਾਂਤਰੀ ਕਹਾਣੀਕਾਰ ਗੁਰਮੀਤ ਕੜਿਆਲਵੀ, ਦਿਲਬਾਗ ਬੌਡੇ ਨਿਰੰਜਣ ਬੋਹਾ ਨੇ ਭਾਗ ਲਿਆ।ਪੋਗਰਾਮ ਦੀ ਸ਼ਰੂਆਤ ਗੁਰਦੇਵ ਸਿੰਘ ਦਰਦੀ ਦੇ ਗੀਤ ਨਾਲ ਹੋਈ।ਇਸ ਸਮੇਂ ਵਿਲਜ਼ਰ ਕਿੰਗ ਕੰਪਨੀ ਦੇ ਡਾਇਰੈਕਟਰ ਰਣਦੀਪ ਰਾਮਾ ਯੂ ਕੇ ਅਤੇ ਪਡਿਊਸਰ ਸੁੱਖ ਧਾਲੀਵਾਲ ਕਨੇਡਾ ਵੱਲੋਂ ਗੁਰਮੇਲ ਸਿੰਘ ਬੌਡੇ ਦੀਆਂ ਸਵੈਰਚਿਤ ਸੱਭਿਆਚਾਰਕ, ਲੋਕ ਅਤੇ ਕਿਰਤ ਪੱਖੀ ਗੀਤ ਅਤੇ ਕਵਿਤਾਵਾਂ ਕਿਸਾਨ ਅੰਦੋਲਨ ਦੌਰਾਨ ਰੀਕਾਰਡ ਕੀਤੇ ਗਏ ਅਤੇ ਉਨ੍ਹਾਂ ਨੇ ਇਹ ਗੀਤ 63-64 ਸਾਲ ਦੀ ਉਮਰ ਵਿੱਚ ਵਿਲਜ਼ਰ ਕਿੰਗ ਚੈਨਲ ਲਈ ਗਾ ਕੇ ਲੋਕ ਸੰਘਰਸ਼ਾਂ ਵਿੱਚ ਆਪਣਾ ਯੋਗਦਾਨ ਪਾਇਆ। ਜਿਸ ਬਾਰੇ ਡਾਇਰੈਕਟਰ ਰਣਦੀਪ ਰਾਮਾ ਯੂ ਕੇ, ਨੇ ਗੁਰਮੇਲ ਸਿੰਘ ਬੌਡੇ ਦੇ ਇਸ ਯੋਗਦਾਨ ਬਾਰੇ ਦੱਸਿਆ, ਸੁੱਖ ਧਾਲੀਵਾਲ ਕੈਨੇਡਾ ਨੇ ਸ਼ੁਭ ਕਾਮਨਾਵਾਂ ਅਤੇ ਸਨਮਾਨ ਪੱਤਰ ਅਤੇ ਰਣਦੀਪ ਸਿੰਘ ਰਾਮਾਂ ਵੱਲੋਂ ਬਹੁਤ ਹੀ ਸ਼ਾਨਦਾਰ ਟਰਾਫ਼ੀ ਨਾਲ ਸਨਮਾਨਿਤ ਕੀਤਾ। ਪਿੰਡ ਰਾਮਾਂ ਤੋਂ ਆਏ ਵਿਸ਼ੇਸ਼ ਸਾਥੀ

ਰਣਜੀਤ ਸਿੰਘ ਨੇ ਵੀ ਗੁਰਮੇਲ ਸਿੰਘ ਬੌਡੇ ਬਾਰੇ ਸੰਬੋਧਨ ਕੀਤਾ। ਗੁਰਮੇਲ ਸਿੰਘ ਬੌਡੇ ਦੀ ਸਾਹਿਤਕ ਮਾਂ ਮਾਤਾ ਜਰਨੈਲ ਕੌਰ ਧਾਲੀਵਾਲ ਕਨੇਡਾ ਨੇ ਆਪਣੀ ਤਿੰਨ ਕਿਤਾਬਾਂ ਦੀਆਂ ਸੌ ਦੇ ਕਰੀਬ ਪੁਸਤਕਾਂ ਹਾਜ਼ਰ ਸਾਹਿਤਕਾਰਾਂ ਨੂੰ ਮੁਫ਼ਤ ਵੰਡੀਆਂ। ਇਸ ਸ਼ਾਨਦਾਰ ਸਮਾਗਮ ਦਾ ਪਬੰਧ ਲੇਖਿਕਾ ਸੁਖਮੰਦਰ ਕੌਰ ਪਤਨੀ ਦਿਲਬਾਗ ਸਿੰਘ ਬੌਡੇ ਨੇ ਕੀਤਾ ਸੀ।

ਵਰਨਣਯੋਗ ਹੈ ਕਿ ਸੁਖਮੰਦਰ ਕੌਰ ਪਿੰਡ ਬੌਡੇ ਦੀ ਪਹਿਲੀ ਲੇਖਿਕਾ ਨੂੰਹ ਰਾਣੀ ਹੈ। ਇਸ ਸਮਾਗਮ ਤੇ ਪਰਗਤੀਸ਼ੀਲ ਲੇਖਿਕ ਮੰਚ ਦੇ ਆਹੁਦੇਦਾਰਾਂ ਸ਼ਾਹਮੁਖੀ ਲਿੱਪੀ ਵਿੱਚ ਉਨ੍ਹਾਂ ਦੇ ਨਾਵਾਂ ਨੂੰ ਆਪਣੀ ਕੈਲੀਗ੍ਰਾਫੀ ਵਿੱਚ ਫਰੇਮ ਕਰਵਾ ਕੇ ਭੇਟ ਕੀਤਾ ਅਤੇ ਮਿੰਟੂ ਖੁਰਮੀ ਹਿੰਮਤਪੁਰਾ ਨੂੰ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ। ਸੁਪਰੀਮ ਕੌਨਵੈਂਟ ਸਕੂਲ ਦੇ ਡਾਇਰੈਕਟਰ ਮਨਦੀਪ ਭਦੌੜ ਨੂੰ ਉਚੇਚੇ ਤੌਰ ਤੇ ਸ਼ਾਨਦਾਰ ਹਾਲ ਮੁਹਈਆ ਕਰਨ ਲਈ ਧੰਨਵਾਦ ਕੀਤਾ। ਇਸ ਸਮਾਗਮ ਵਿੱਚ ਲੇਖਕ ਹਰਵਿੰਦਰ ਸਿੰਘ ਬਿਲਾਸਪੁਰ, ਜਗਜੀਤ ਸਿੰਘ ਡੀ ਪੀ, ਹਰਵੀਰ ਸਿੰਘ ਡੀ ਪੀ ਸ਼ੰਮੀ ਕੜਿਆਲਵੀ, ਨਿਰਮਲ ਪੱਤੋ, ਮੰਗਲਮੀਤ ਪੱਤੋ, ਅਜਮੇਰ ਮੋਗਾ, ਅਮਰੀਕ ਸੈਦੋਕੇ, ਜਸਵੰਤ ਬੋਪਾਰਾਏ ਰੁਪਿੰਦਰ ਬਲਾਸੀ ਸ਼ਾਮਲ ਸਨ।

ਇਹ ਵਿਲੱਖਣ ਸਾਹਿਤਕ ਸਮਾਗਮ ਆਪਣੀ ਅਮਿੱਟ ਯਾਂਦਾ ਛੱਡਦਾ ਹੋਇਆ ਸਮਾਪਤ ਹੋਇਆ।

# ਸਕੂਲ ਮੈਨਟਰਸ਼ਿਪ ਪ੍ਰੋਗਰਾਮ: ਵੱਡੇ ਸੁਪਨੇ ਦੇਖੋ, ਉੱਚਾ ਟੀਚਾ ਰੱਖੋ ਅਤੇ ਮਹਾਨਤਾ ਹਾਸਿਲ ਕਰਨ ਤੋਂ ਤੁਹਾਨੂੰ ਕੁਝ ਵੀ ਨਾ ਰੋਕ ਸਕੇ : ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ



ਜਲੰਧਰ, 25 ਮਈ (ਗਿਆਨ ਸਿੰਘ): ਨੌਜਵਾਨਾਂ ਨੂੰ ਵੱਡੇ ਸੁਪਨੇ ਦੇਖਣ ਅਤੇ ਜੀਵਨ ਵਿੱਚ ਸ੍ਰੇਸ਼ਠਤਾ ਹਾਸਲ ਕਰਨ ਲਈ ਉਤਸ਼ਾਹਤ ਕਰਨ ਦੇ ਉਦੇਸ਼ ਨਾਲ, ਸੰਗਰੂਰ ਦੇ ਡਿਪਟੀ ਕਮਿਸ਼ਨਰ ਸੰਦੀਪ ਰਿਸ਼ੀ ਨੇ ਬੀਤੇ ਦਿਨ ਵਿਦਿਆਰਥੀਆਂ ਵਿੱਚ ਜੋਸ਼ ਭਰਦੇ ਹੋਏ ਉਨ੍ਹਾਂ ਨੂੰ ਵੱਡੇ ਸੁਪਨੇ ਦੇਖਣ, ਅਟੁੱਟ ਸਮਰਪਣ ਨਾਲ ਉਨ੍ਹਾਂ ਦਾ ਪਿੱਛਾ ਕਰਨ ਅਤੇ ਮੇਹਨਤ ਅਤੇ ਦ੍ਰਿੜਤਾ ਨਾਲ ਅਸੰਭਵ ਚੁਣੌਤੀਆਂ ਨੂੰ ਪਾਰ ਕਰਨ ਦੀ ਪ੍ਰੇਰਣਾ ਦਿੱਤੀ।

ਪੰਜਾਬ ਸਰਕਾਰ ਦੇ ਸਕੂਲ ਮੈਨਟਰਸ਼ਪਿ ਪ੍ਰੋਗਰਾਮ ਦੇ ਤਹਿਤ, ਸ਼ਾਹਕੋਟ ਦੇ ਨੇੜੇ ਸਥਿਤ ਸਕੂਲ ਆਫ ਐਮੀਨੈਂਸ, ਬਾਜਵਾ ਕਲਾਂ ਵਿੱਚ ਵਿਦਿਆਰਥੀਆਂ ਨਾਲ ਗੱਲਬਾਤ ਕਰਦੇ ਹੋਏ ਸ਼੍ਰੀ ਸੰਦੀਪ ਰਿਸ਼ੀ ਨੇ 10ਵੀਂ, 11ਵੀਂ ਅਤੇ 12ਵੀਂ ਜਮਾਤ ਦੇ ਵਿਦਿਆਰਥੀਆਂ ਨੂੰ ਆਪਣੇ ਸੁਪਨੇ ਜੋਸ਼ ਅਤੇ ਲਗਾਤਾਰ ਕੋਸ਼ਿਸ਼ ਨਾਲ ਪੂਰੇ ਕਰਨ ਲਈ ਪ੍ਰੇਰਿਤ ਕੀਤਾ।

ਰਿਸ਼ੀ ਨੇ ਕਿਹਾ ਕਿ "ਤੁਸੀਂ ਆਪਣੇ ਭਾਗ ਦੇ ਖੁਦ ਰਚੇਤਾ ਹੋ", ਅਤੇ ਉਨ੍ਹਾਂ ਨੇ ਸਾਫ਼ ਅਤੇ ਉੱਚੇ ਟੀਚੇ ਨਿਰਧਾਰਤ ਕਰਨ ਦੇ ਮਹੱਤਵ 'ਤੇ ਜ਼ੋਰ ਦਿੱਤਾ। "ਵੱਡੇ ਸੁਪਨੇ ਦੇਖੋ, ਉੱਚਾ ਟੀਚਾ ਰੱਖੋ, ਅਤੇ ਮਹਾਨਤਾ ਹਾਸਲ ਕਰਨ ਤੋਂ ਤੁਹਾਨੂੰ ਕੁਝ ਵੀ ਨਾ ਰੋਕ ਸਕੇ।" ਉਨ੍ਹਾਂ ਨੇ ਵਿਦਿਆਰਥੀਆਂ ਨੂੰ ਯਾਦ ਦਿਵਾਇਆ ਕਿ ਭਾਰਤ ਨੂੰ ਇੱਕ ਗਲੋਬਲ ਮਹਾਂ ਸ਼ਕਤੀ ਬਣਾਉਣ ਦੀ ਜ਼ੁੰਮੇਵਾਰੀ ਉਨ੍ਹਾਂ ਉੱਤੇ ਹੈ ਅਤੇ ਉਨ੍ਹਾਂ ਨੂੰ ਚੁਣੌਤੀਆਂ ਦਾ ਸਾਹਮਣਾ ਕਰਦੇ ਹੋਏ ਕੇਂਦਰਿਤ ਅਤੇ ਦ੍ਰਿੜ ਰਹਿਣ ਲਈ ਕਿਹਾ। ਉਹਨਾਂ ਕਿਹਾ ਕਿ "ਅਸਫਲਤਾਵਾਂ ਰੁਕਾਵਟ ਨਹੀਂ, ਸਫਲਤਾ ਵੱਲ ਲੈ ਜਾਂਦੀਆਂ ਪੌੜੀਆਂ ਹਨ।"

ਗੱਲਬਾਤ ਦੌਰਾਨ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਆਪਣੇ ਵੱਖ-ਵੱਖ ਸੁਪਨੇ ਡਿਪਟੀ ਕਮਿਸ਼ਨਰ ਨਾਲ ਸਾਂਝੇ ਕੀਤੇ, ਜਿਨ੍ਹਾਂ ਵਿੱਚ ਆਈਏਐਸ ਅਤੇ ਆਈਪੀਐਸ ਅਧਿਕਾਰੀ, ਡਾਕਟਰ, ਵਿਗਿਆਨੀ, ਫੌਜੀ ਅਫਸਰ, ਕਲਾਕਾਰ, ਕ੍ਰਿਕਟਰ, ਫੈਸ਼ਨ ਡਿਜ਼ਾਈਨਰ, ਮੇਕਅਪ ਆਰਟਿਸਟ, ਏਅਰ ਹੋਸਟਸ, ਨਿਊਜ਼ ਐਂਕਰ ਆਦਿ ਬਣਨ ਦੀਆਂ ਇੱਛਾਵਾਂ ਸ਼ਾਮਲ ਸਨ।

ਇਸ ਮੌਕੇ 'ਤੇ ਸਕੂਲ ਦੇ ਪ੍ਰਿੰਸੀਪਲ ਹਰਪ੍ਰੀਤ ਸਿੰਘ ਸੰਧੀ ਅਤੇ ਸਟਾਫ ਮੈਂਬਰ ਵੀ ਮੌਜੂਦ ਸਨ। ਇਸ ਮੌਕੇ 'ਤੇ 8ਵੀਂ, 10ਵੀਂ ਅਤੇ 12ਵੀਂ ਜਮਾਤ ਦੇ ਟੌਪ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਵੀ ਕੀਤਾ ਗਿਆ।

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net

## ਲੜਕੀ ਦੀ ਲੋੜ

ਰਾਮਗੜ੍ਹੀਆ ਸਿੱਖ ਲੜਕਾ, 26 ਸਾਲ, 5ਫੁੱਟ, 9ਇੰਚ, ਵਰਕ ਪਰਮਿਟ, ਟਰੱਕ ਡਰਾਈਵਰ, ਨਾਨਡ੍ਰਿੰਕਿੰਗ ਲਈ, ਪੀ.ਆਰ./ਸਿਟੀਜ਼ਨ ਲੜਕੀ ਦੀ ਲੋੜ। ਸੰਪਰਕ: sukh25125@gmail.com ਜਾਂ ਵਟਸਐਪ +16723355016, ਕੋਈ ਜਾਤੀ ਬੰਧਨ ਨਹੀਂ। ਮੈਰਿਜ ਬਿਊਰੋ ਵਾਲੇ ਮੁਆਫ ਕਰਨ।

ਲੁਬਾਣਾ ਸਿੱਖ, 1989 ਕਲੀਨਸ਼ੇਵ, ਗੋਰਾ ਰੰਗ, ਕੱਦ 5'8, ਕੈਨੇਡਾ ਵਿੱਚ ਸਥਾਈ ਨਿਵਾਸੀ (**Italian citizen**) ਲਈ ਖੂਬਸੂਰਤ ਅਤੇ ਪੜ੍ਹੀ ਲਿਖੀ ਲੜਕੀ ਦੀ ਲੋੜ। ਸੰਪਰਕ- 647-449-6746 ਜਾਂ 250-793-0527

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

## ਲੜਕੀ ਦੀ ਲੋੜ

**Well settled Canada Citizen Khatri Boy,** Punjabi Vegetarian, No Drinking/smoking family, Handsome, M.Com LLB 1987 6"ft. height. Legally devorced, very short marriage. Senior service, Loan officer in Major Canada Bank. We are close knit family, requires all-caste, punjabi educated girl in Canada OR INDIA. New Comers also Considered on PR. Work permit Parents. Please Call or whattsapp +1 437-446 8681

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

suitable match for **Sikh Jatt Girl.** Born in Jan 1995, 5'5" tall. **working with the Government of Canada** and resides in Canada. She is a blend of modern values and traditional upbringing—cultured, respectful, and family-oriented.
looking for a professionally qualified, well-settled Sikh Jatt boy from a respectable family, preferably residing in Canada. **Contact: +1 306 302 9009**

ਗਿੱਲ ਜੱਟ ਸਿੱਖ, 1992, ਇੱਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੰਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3'', ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਸੈਲ ਐਂਡ ਫਿਕਸ
ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Natasha Mahal Co-Host
Iqbal Mahal Producer & Host
Serving the South Asian Community Since 1976

(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
416.230.4000 • 647.409.1092
www.STARLANEPAINTING.com

# ਬਚਪਨ ਅੰਕਾਂ ਦੀ ਦੌੜ ਵਿੱਚ ਗੁਆਚਦਾ ਜਾ ਰਿਹਾ ਹੈ

ਜ਼ਿਆਦਾਤਰ ਬੋਰਡ ਪ੍ਰੀਖਿਆਵਾਂ ਦੇ ਨਤੀਜੇ ਆ ਗਏ ਹਨ। ਨਤੀਜੇ ਦੇਖਣ ਅਤੇ ਸੁਣਨ ਤੋਂ ਬਾਅਦ, ਕੁਝ ਥਾਵਾਂ 'ਤੇ ਵਧਾਈਆਂ ਦਾ ਹੜ੍ਹ ਆ ਗਿਆ, ਜਦੋਂ ਕਿ ਕੁਝ ਥਾਵਾਂ 'ਤੇ ਚੁੱਪ ਛਾ ਗਈ। ਕੋਈ ਵੀ ਇਹ ਸੋਚਣ ਲਈ ਤਿਆਰ ਨਹੀਂ ਹੈ ਕਿ ਕਿਸੇ ਵੀ ਤਰ੍ਹਾਂ ਦੀ ਪ੍ਰੀਖਿਆ ਜ਼ਿੰਦਗੀ ਦੀ ਅੰਤਿਮ ਪ੍ਰੀਖਿਆ ਨਹੀਂ ਹੁੰਦੀ ਅਤੇ ਨਾ ਹੀ ਸਭ ਕੁਝ ਕਿਸੇ ਇੱਕ ਪ੍ਰੀਖਿਆ ਦੇ ਨਤੀਜੇ 'ਤੇ ਨਿਰਭਰ ਕਰਦਾ ਹੈ। ਜ਼ਿੰਦਗੀ ਹਮੇਸ਼ਾ ਮੌਕੇ ਦਿੰਦੀ ਹੈ ਅਤੇ ਕਈ ਵਾਰ ਦਿੰਦੀ ਹੈ। ਅੰਤ ਵਿੱਚ, ਇਹ ਗਿਆਨ ਅਤੇ ਪ੍ਰਤਿਭਾ ਹੈ ਜੋ ਮਾਇਨੇ ਰੱਖਦੀ ਹੈ। ਜ਼ਿੰਦਗੀ ਦੀ ਸਥਾਈ ਸਫਲਤਾ ਅਤੇ ਅਸਫਲਤਾ ਇਨ੍ਹਾਂ 'ਤੇ ਨਿਰਭਰ ਕਰਦੀ ਹੈ। ਸਮਾਜ ਵਿੱਚ ਅਕਸਰ ਅਜਿਹੀਆਂ ਉਦਾਹਰਣਾਂ ਦੇਖਣ ਨੂੰ ਮਿਲਦੀਆਂ ਹਨ ਕਿ ਬੋਰਡ ਪ੍ਰੀਖਿਆਵਾਂ ਵਿੱਚ ਘੱਟ ਅੰਕ ਪ੍ਰਾਪਤ ਕਰਨ ਜਾਂ ਮੁਕਾਬਲੇ ਦੀਆਂ ਪ੍ਰੀਖਿਆਵਾਂ ਵਿੱਚ ਸ਼ੁਰੂਆਤੀ ਅਸਫਲਤਾ ਤੋਂ ਬਾਅਦ ਵੀ, ਧੀਰਜ ਅਤੇ ਨਿਰੰਤਰਤਾ ਨਾਲ ਕੀਤੀ ਗਈ ਸਖ਼ਤ ਮਿਹਨਤ ਅੰਤ ਵਿੱਚ ਫਲਦਾਇਕ ਸਾਬਤ ਹੁੰਦੀ ਹੈ। ਪਰ ਅਜਿਹੀਆਂ ਸਾਰੀਆਂ ਉਦਾਹਰਣਾਂ ਦੇ ਬਾਵਜੂਦ, ਇੱਕ ਪਾਸੇ, ਬੋਰਡ ਅਤੇ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੇ ਦਬਾਅ ਕਾਰਨ ਬਚਪਨ ਗੁਆਚ ਜਾਂਦਾ ਹੈ, ਅਤੇ ਦੂਜੇ ਪਾਸੇ, ਕਿਸੇ ਵੀ ਤਰੀਕੇ ਨਾਲ ਪਾਸ ਹੋਣ ਅਤੇ ਵੱਧ ਤੋਂ ਵੱਧ ਅੰਕ ਪ੍ਰਾਪਤ ਕਰਨ ਦੀ ਉਤਸੁਕਤਾ ਹੁੰਦੀ ਹੈ। ਅਤੇ ਸਵਾਲ ਇਹ ਹੈ ਕਿ ਕੀ ਕਿਸੇ ਦੇ ਗਿਆਨ ਜਾਂ ਸ਼ਖਸੀਅਤ ਦਾ ਵਿਆਪਕ ਮੁਲਾਂਕਣ ਸਿਰਫ਼ ਕਾਗਜ਼ ਦੇ ਟੁਕੜੇ ਤੋਂ ਕੀਤਾ ਜਾ ਸਕਦਾ ਹੈ? ਕੀ ਭਵਿੱਖ ਇੱਕ ਪ੍ਰੀਖਿਆ ਦੀ ਸਫਲਤਾ ਜਾਂ ਅਸਫਲਤਾ 'ਤੇ ਨਿਰਭਰ ਕਰਦਾ ਹੈ? ਜ਼ਿੰਦਗੀ ਦੇ ਅਸਲ ਇਮਤਿਹਾਨਾਂ ਵਿੱਚ ਇਹ ਟੈਸਟ ਕਿੰਨੇ ਮਦਦਗਾਰ ਹਨ? ਇਹਨਾਂ ਗੱਲਾਂ ਨੂੰ ਜਾਣੇ ਜਾਂ ਸੋਚੇ ਬਿਨਾਂ ਅੰਕਾਂ ਪਿੱਛੇ ਭੱਜਣ ਦੀ ਪ੍ਰਵਿਰਤੀ ਦਿਨੋ-ਦਿਨ ਵਧਦੀ ਜਾ ਰਹੀ ਹੈ। ਸਫਲਤਾ ਦਾ ਇੱਕੋ ਇੱਕ ਮਾਪਦੰਡ ਉੱਚ ਅੰਕਾਂ ਨੂੰ ਮੰਨ ਕੇ, ਸਮਾਜਿਕਤਾ, ਸੰਵੇਦਨਸ਼ੀਲਤਾ ਅਤੇ ਰਚਨ-ਾਤਮਕਤਾ ਵਰਗੇ ਗੁਣਾਂ ਜਾਂ ਕਦਰਾਂ-ਕੀਮਤਾਂ ਬਾਰੇ ਕੋਈ ਚਰਚਾ ਨਹੀਂ ਹੁੰਦੀ। ਜੇਕਰ ਕਿਸੇ ਵਿਦਿਆਰਥੀ ਦੇ ਅੰਕ ਘੱਟ ਹਨ, ਪਰ ਉਹ ਨੈਤਿਕ, ਸਮਾਜਿਕ, ਸੱਭਿਆਚਾਰਕ ਅਤੇ ਵਿਹਾਰਕ ਮਾਪਦੰਡਾਂ 'ਤੇ ਖਰਾ ਉਤਰਦਾ ਹੈ, ਤਾਂ ਕੀ ਇਹ ਸਾਰੇ ਉਸਦੀ ਯੋਗਤਾ ਦੇ ਮਾਪਦੰਡ ਨਹੀਂ ਹੋਣੇ ਚਾਹੀਦੇ? ਕੀ ਉਸਦੇ ਸੰਚਾਰ ਹੁਨਰ, ਲੀਡਰਸ਼ਿਪ ਯੋਗਤਾ, ਸੇਵਾ ਦੀ ਭਾਵਨਾ, ਕੁਦਰਤ ਅਤੇ ਵਾਤਾਵਰਣ ਪ੍ਰਤੀ ਜਾਗਰੂਕਤਾ ਆਦਿ ਦਾ ਮੁਲਾਂਕਣ ਨਹੀਂ ਕੀਤਾ ਜਾਣਾ ਚਾਹੀਦਾ? ਜੇਕਰ ਅਸੀਂ ਪਿਛਲੇ ਸੌ ਸਾਲਾਂ ਦੀਆਂ ਮਨੁੱਖੀ ਪ੍ਰਾਪਤੀਆਂ 'ਤੇ ਨਜ਼ਰ ਮਾਰੀਏ, ਤਾਂ ਜਿਨ੍ਹਾਂ ਲੋਕਾਂ ਨੇ ਮਨੁੱਖਤਾ ਨੂੰ ਦਿਸ਼ਾ ਦਿੱਤੀ ਅਤੇ ਮਹਾਨ ਕੰਮ ਕੀਤੇ, ਉਹ ਸਕੂਲੀ ਪ੍ਰੀਖਿਆਵਾਂ ਵਿੱਚ ਸਭ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਲੋਕ ਨਹੀਂ ਸਨ, ਸਗੋਂ ਉਨ੍ਹਾਂ ਵਿੱਚੋਂ ਬਹੁਤ ਸਾਰੇ ਉਸ ਸਮੇਂ ਦੀ ਸਿੱਖਿਆ ਪ੍ਰਣਾਲੀ ਦੀਆਂ ਨਜ਼ਰਾਂ ਵਿੱਚ ਕਮਜ਼ੋਰ ਜਾਂ ਪਛੜੇ ਹੋਏ ਸਨ। ਜਦੋਂ ਕਿ ਸਮਾਜ ਬਾਰੇ ਉਸਦਾ ਗਿਆਨ ਵਿਸ਼ਾਲ ਸੀ ਅਤੇ ਉਸਦਾ ਦ੍ਰਿਸ਼ਟੀਕੋਣ ਵਿਸ਼ਾਲ ਸੀ। ਅੰਕਾਂ ਦੀ ਅੰਨ੍ਹੀ ਦੌੜ ਦਾ ਹਿੱਸਾ ਬਣਨ ਦੀ ਬਜਾਏ, ਕੀ ਇਹ ਬਿਹਤਰ ਨਹੀਂ ਹੋਵੇਗਾ ਜੇਕਰ ਅਸੀਂ ਗੰਭੀਰਤਾ ਨਾਲ ਸੋਚੀਏ ਅਤੇ ਇਸ ਬਾਰੇ ਵਿਆਪਕ ਚਰਚਾ ਕਰੀਏ ਕਿ ਸਾਡੇ ਵਿਦਿਅਕ ਅਦਾਰੇ ਵਿਸ਼ਵ ਪੱਧਰੀ ਮਿਆਰਾਂ ਦੀ ਪਰਖ ਕਿਉਂ ਨਹੀਂ ਕਰਦੇ? ਸਾਡੇ ਵਿਦਿਅਕ ਅਦਾਰਿਆਂ ਅਤੇ ਯੂਨੀਵਰਸਿਟੀਆਂ ਵਿੱਚ ਮੌਲਿਕ ਖੋਜ ਅਤੇ ਵਿ-ਗਆਨਕ-ਵਿਹਾਰਕ ਪਹੁੰਚ ਦੀ ਘਾਟ ਕਿਉਂ ਹੈ? ਸਾਡੇ ਵਿਦਿਅਕ ਅਦਾਰੇ ਨਵੀਨਤਾਕਾਰੀ ਪ੍ਰਯੋਗਾਂ, ਨਵੀਨਤਾਕਾਰੀ ਤਰੀਕਿਆਂ ਅਤੇ ਵਿਸ਼ਲੇਸ਼ਣਾਤਮਕ ਪ੍ਰਵਿਰਤੀਆਂ ਨੂੰ ਉਤਸ਼ਾਹਿਤ ਕਿਉਂ ਨਹੀਂ ਕਰਦੇ? ਸਾਡੇ ਵਿਦਿਅਕ ਅਦਾਰਿਆਂ ਤੋਂ ਬਾਹਰ ਆਉਣ ਵਾਲੇ ਜ਼ਿਆਦਾਤਰ ਵਿਦਿਆਰਥੀ ਸਵੈ-ਨਿਰਭਰ ਅਤੇ ਸੁਤੰਤਰ ਕਿਉਂ ਨਹੀਂ ਬਣ ਪਾਉਂਦੇ? ਉਨ੍ਹਾਂ ਵਿੱਚ ਕੰਮ ਦੇ ਅਨੁਕੂਲ ਕੁਸ਼ਲਤਾ ਅਤੇ ਹੁਨਰ ਦੀ ਘਾਟ ਕਿਉਂ ਹੈ? ਉਹ ਜ਼ਿੰਦਗੀ ਦੀਆਂ ਚੁਣੌਤੀਆਂ ਦਾ ਸਾਹਮਣਾ ਹਿੰਮਤ ਅਤੇ ਆਤਮਵਿਸ਼ਵਾਸ ਨਾਲ ਕਿਉਂ ਨਹੀਂ ਕਰ ਪਾਉਂਦੇ?



ਅੰਕਾਂ ਲਈ ਮੁਕਾਬਲੇ ਦਾ ਆਤਮਘਾਤੀ ਦਬਾਅ ਦੁਖਦਾਈ ਹੈ। ਇਸ ਦਬਾਅ ਹੇਠ, ਬੱਚੇ ਸਹਿਯੋਗੀ ਬਣਨ ਦੀ ਬਜਾਏ ਇੱਕ ਦੂਜੇ ਦੇ ਵਿਰੋਧੀ ਬਣ ਰਹੇ ਹਨ। ਅਜਿਹਾ ਅੰਨ੍ਹਾ ਮੁਕਾਬਲਾ ਕੁਝ ਲੋਕਾਂ ਦੇ ਹੰਕਾਰ ਨੂੰ ਵਧਾਉਂਦਾ ਹੈ, ਉਹਨਾਂ ਨੂੰ ਇਕੱਲੇ ਅਤੇ ਸੁਆਰਥੀ ਬਣਾਉਂਦਾ ਹੈ, ਜਦੋਂ ਕਿ ਦੂਜਿਆਂ ਨੂੰ ਬੇਅੰਤ ਨਿਰਾਸ਼ਾ ਦੇ ਟੋਏ ਵਿੱਚ ਧੱਕਦਾ ਹੈ। ਇਹ ਇੱਕ ਸੱਚਾਈ ਹੈ ਕਿ ਮੁਕਾਬਲੇ ਅਤੇ ਈਰਖਾ ਵਿੱਚ ਮਨੁੱਖ ਕੁਦਰਤ ਵਿੱਚ ਹਰ ਥਾਂ ਮੌਜੂਦ ਸਹਿਯੋਗ, ਸਦਭਾਵਨਾ ਅਤੇ ਸੁੰਦਰਤਾ ਨੂੰ ਭੁੱਲ ਜਾਂਦਾ ਹੈ। ਮੁਕਾਬਲਾ ਕਰਦੇ ਸਮੇਂ, ਉਹ ਆਪਣੇ ਪਰਿਵਾਰ, ਸਮਾਜ ਅਤੇ ਦੇਸ਼ ਪ੍ਰਤੀ ਮੁਕਾਬਲੇ ਦੀਆਂ ਭਾਵਨਾਵਾਂ ਵੀ ਪੈਦਾ ਕਰਨ ਲੱਗ ਪੈਂਦਾ ਹੈ। ਕਈ ਵਾਰ, ਉਹ ਆਪਣੇ ਲੋਕਾਂ ਪ੍ਰਤੀ ਵੀ ਕੌੜਾ ਅਤੇ ਨਾਸ਼ੁਕਰਾ ਹੋ ਜਾਂਦਾ ਹੈ। ਪਰ ਵਿਡੰਬਨਾ ਇਹ ਹੈ ਕਿ ਅਸੀਂ ਬਚਪਨ ਤੋਂ ਹੀ ਉਸਨੂੰ ਦੂਜਿਆਂ ਨੂੰ ਹਰਾਉਣਾ ਸਿਖਾਉਂਦੇ ਆ ਰਹੇ ਹਾਂ। ਜਦੋਂ ਕਿ, ਸਾਨੂੰ ਏਕਤਾ, ਸਹਿਯੋਗ ਅਤੇ ਸਦਭਾਵਨਾ ਸਿਖਾਉਣੀ ਚਾਹੀਦੀ ਹੈ। 'ਜ਼ਿੰਦਗੀ ਇੱਕ ਸੰਘਰਸ਼ ਹੈ, ਪਰ ਇਹ ਜਾਣਨਾ ਅਤੇ ਸਮਝਣਾ ਬਹੁਤ ਜ਼ਿਆਦਾ ਮਹੱਤਵਪੂਰਨ ਹੈ ਕਿ ਜ਼ਿੰਦਗੀ 'ਸਹਿਯੋਗ ਅਤੇ ਸੰਤੁਲਨ' ਦੀ ਨਿਰੰਤਰ ਕੋਸ਼ਿਸ਼ ਹੈ।' ਅੰਕਾਂ ਲਈ ਸਖ਼ਤ ਮੁਕਾਬਲੇ ਦੇ ਇਸ ਯੁੱਗ ਵਿੱਚ, ਉਹ ਸਫਲਤਾ ਦੀਆਂ ਗੁਲਾਬੀ ਤਸਵੀਰਾਂ ਦਿਖਾਉਂਦੇ ਹਨ। ਅਤੇ ਸੁਪਨੇ ਵੇਚਣ ਵਾਲੇ ਕੋਚਿੰਗ ਸੰਸਥਾਨ ਇੱਕ ਵੱਖਰੀ ਕਿਸਮ ਦੀ ਬੇਈਮਾਨੀ ਕਰਦੇ ਹਨ। ਉਹ ਸਫਲਤਾ ਲਈ ਆਪਣੇ ਮਾਪਿਆਂ ਨਾਲ ਸੌਦੇਬਾਜ਼ੀ ਕਰਦੇ ਹਨ। ਸਫਲ ਉਮੀਦਵਾਰਾਂ ਦੇ ਚਮਕਦੇ ਸਿਤਾਰਿਆਂ ਵਾਲੇ ਚਿਹਰਿਆਂ ਅਤੇ ਅਤਿਕਥਨੀ ਵਾਲੇ ਦਾਅਵਿਆਂ ਦੇ ਪਿੱਛੇ, ਉਹ ਸਾਰੇ ਅਸਫਲ ਉਮੀਦਵਾਰਾਂ ਅਤੇ ਉਨ੍ਹਾਂ ਦੇ ਦਰਦ ਦੀ ਬੇਅੰਤ ਸੂਚੀ ਨਹੀਂ ਦਿਖਾਉਂਦੇ। ਸਜੇ ਹੋਏ ਕਾਰਪੇਟ ਦੇ ਪਿੱਛੇ ਲੁਕੇ ਹਨੇਰੇ ਕੌੜੇ ਸੱਚ ਨੂੰ ਕੌਣ ਦੇਖੇਗਾ ਅਤੇ ਦਿਖਾਏਗਾ? ਰਾਤੋ-ਰਾਤ ਕਰੋੜਪਤੀ ਜਾਂ ਮਸ਼ਹੂਰ ਬਣਨ ਦੀ ਮਾਨਸਿਕਤਾ ਸਾਡੀ ਸੋਚਣ ਅਤੇ ਸਮਝਣ ਦੀ ਕੁਦਰਤੀ ਸ਼ਕਤੀ ਨੂੰ ਵੀ ਕਮਜ਼ੋਰ ਕਰ ਦਿੰਦੀ ਹੈ। ਗੁੰਮ-ਰਾਹਕੁੰਨ ਪ੍ਰਚਾਰ ਜਾਂ ਹਮਲਾਵਰ ਇਸ਼ਤਿਹਾਰਾਂ ਰਾਹੀਂ, ਭੋਲੇ ਭਾਲੇ ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ, ਜਿਨ੍ਹਾਂ ਦੀਆਂ ਪਲਕਾਂ ਦੇ ਕੋਨਿਆਂ ਵਿੱਚ ਉਨ੍ਹਾਂ ਲਈ ਸੁਪਨੇ ਹਨ, ਲੁਭਾਇਆ ਅਤੇ ਭਰਮਾਇਆ ਜਾਂਦਾ ਹੈ। ਕਈ ਵਾਰ, ਮਾਪੇ ਆਪਣੇ ਬੱਚਿਆਂ ਦੀਆਂ ਰੁਚੀਆਂ ਅਤੇ ਸਮਰੱਥਾਵਾਂ ਨੂੰ ਧਿਆਨ ਵਿੱਚ ਰੱਖੇ ਬਿਨਾਂ, ਜਾਣਬੁੱਝ ਕੇ ਜਾਂ ਅਣਜਾਣੇ ਵਿੱਚ ਆਪਣੇ ਸੁਪਨਿਆਂ ਦਾ ਭਾਰ ਉਨ੍ਹਾਂ ਦੇ ਕੋਮਲ ਮੋਢਿਆਂ 'ਤੇ ਪਾਉਣ ਦੀ ਗਲਤੀ ਕਰਦੇ ਹਨ। ਆਪਣੇ ਸੁਪਨਿਆਂ ਦਾ ਬੋਝ ਚੁੱਕਦੇ-ਢਹਿੰਦੇ ਬੱਚੇ ਆਪਣਾ ਸਾਦਾ ਅਤੇ ਕੁਦਰਤੀ ਬਚਪਨ ਅਤੇ ਜ਼ਿੰਦਗੀ ਵੀ ਭੁੱਲ ਜਾਂਦੇ ਹਨ। ਬੱਚੇ ਕੁਝ ਹੋਰ ਵੀ ਕਰ ਸਕਦੇ ਸਨ। ਕੁਝ ਬਿਹਤਰ ਬਣ ਸਕਦੇ ਸਨ, ਪਰ ਝੁੰਡ ਦੀ ਮਾਨਸਿਕਤਾ ਕਾਰਨ ਉਨ੍ਹਾਂ ਨੂੰ ਮੁਕਾ-ਬਲੇ ਦੀਆਂ ਪ੍ਰੀਖਿਆਵਾਂ ਦੀ ਬੇਅੰਤ ਦੌੜ ਅਤੇ ਭੀੜ ਵਿੱਚ ਧੱਕ ਦਿੱਤਾ ਜਾਂਦਾ ਹੈ। ਜੇ ਉਹ ਸਫਲ ਹੋ ਜਾਂਦੇ ਹਨ ਤਾਂ ਠੀਕ ਹੈ, ਪਰ ਜੇ ਉਹ ਅਸਫਲ ਹੋ ਜਾਂਦੇ ਹਨ ਤਾਂ ਉਹ ਆਪਣੀ ਬਾਕੀ ਦੀ ਜ਼ਿੰਦਗੀ ਲਈ ਉਸ ਅਸਫਲਤਾ ਦੀ ਸ਼ਰਮ ਤੋਂ ਬਾਹਰ ਨਹੀਂ ਨਿਕਲ ਸਕਦੇ। ਫਿਰ ਉਨ੍ਹਾਂ ਦੇ ਬੁੱਲ੍ਹਾਂ ਤੋਂ ਸੁਭਾਵਿਕ ਮੁਸਕਰਾਹਟ ਗਾਇਬ ਹੋ ਜਾਂਦੀ ਹੈ ਅਤੇ ਅੰਦਰੂਨੀ ਖੁਸ਼ੀ ਅਤੇ ਖੁਸ਼ੀ ਉਨ੍ਹਾਂ ਦੀ ਜ਼ਿੰਦਗੀ ਤੋਂ ਗਾਇਬ ਹੋ ਜਾਂਦੀ ਹੈ। ਸਮਾਜ ਅਤੇ ਸੰਸਥਾਵਾਂ ਨੂੰ ਸੋਚਣਾ ਪਵੇਗਾ ਕਿ ਇਹ ਬੱਚੇ ਜਾਂ ਵਿਦਿਆਰਥੀ ਉਤਪਾਦ ਨਹੀਂ ਹਨ ਸਗੋਂ ਜਿਉਂਦੇ ਇਨਸਾਨ ਹਨ। ਇਸ ਲਈ, ਆਪਣੇ ਬੱਚਿਆਂ ਨੂੰ ਅੰਕਾਂ ਲਈ ਅੰਨ੍ਹੀ ਮੁਕਾਬਲੇ ਅਤੇ ਇੱਕ ਬੇਅੰਤ ਦੌੜ ਵਿੱਚ ਧੱਕਣ ਦੀ ਬਜਾਏ, ਸਾਨੂੰ ਉਨ੍ਹਾਂ ਦੇ ਸੰਪੂਰਨ, ਸੰਤੁਲਿਤ ਅਤੇ ਬਹੁ-ਆਯਾਮੀ ਸ਼ਖਸੀਅਤ ਦੇ ਵਿਕਾਸ 'ਤੇ ਧਿਆਨ ਕੇਂਦਰਿਤ ਕਰਨ ਦੀ ਲੋੜ ਹੈ। , ਬੱਚੇ। ਇਹ ਨੰਬਰ ਇਕੱਠੇ ਕਰਨ ਦੀ ਮਸ਼ੀਨ ਨਹੀਂ ਹੈ। ਹਰ ਬੱਚਾ ਇੱਕ ਕਿਤਾਬ ਨਹੀਂ ਹੁੰਦਾ, ਸਗੋਂ ਇੱਕ ਪੂਰੀ ਦੁਨੀਆਂ ਹੁੰਦੀ ਹੈ, ਜਿਸਦੇ ਬਹੁਤ ਸਾਰੇ ਸੁਪਨੇ ਅਤੇ ਸੰਭਾਵਨਾਵਾਂ ਹੁੰਦੀਆਂ ਹਨ। ਹਰ ਬੱਚੇ ਵਿੱਚ ਕੋਈ ਨਾ ਕੋਈ ਪ੍ਰਤਿਭਾ ਜਾਂ ਵਿਲੱਖਣ ਗੁਣ ਹੁੰਦਾ ਹੈ। ਬਸ ਸਹੀ ਦਿਸ਼ਾ ਦੇਣ ਜਾਂ ਪ੍ਰੇਰਿਤ ਕਰਨ ਦੀ ਲੋੜ ਹੈ। ਭਾਵੇਂ ਬਹੁਤ ਸਾਰੀਆਂ ਚੀਜ਼ਾਂ ਇੱਕੋ ਜਿਹੀਆਂ ਹਨ, ਪਰ ਹਰ ਬੱਚਾ ਵੱਖਰਾ ਹੁੰਦਾ ਹੈ; ਉਸਦੀ ਸੋਚ, ਰੁਚੀ, ਰੁਝਾਨ, ਪਿਛੋਕੜ ਅਤੇ ਪ੍ਰਤਿਭਾ ਵੱਖਰੀ ਹੈ। ਇੱਕ ਬੱਚੇ ਨੂੰ ਉਸੇ ਖੇਤਰ ਵਿੱਚ ਪਾਲਿਆ ਅਤੇ ਵਿਕਸਤ ਕੀਤਾ ਜਾਣਾ ਚਾਹੀਦਾ ਹੈ ਜਿਸ ਵਿੱਚ ਉਸਦੀ ਦਿਲਚਸਪੀ ਅਤੇ ਯੋਗਤਾ ਹੈ। ਇਸ ਨਾਲ, ਉਹ ਆਪਣੀ ਦਿਲਚਸਪੀ ਦੇ ਵਿਸ਼ੇ ਵਿੱਚ ਮੁਹਾਰਤ ਹਾਸਲ ਕਰਦਾ ਰਹਿੰਦਾ ਹੈ ਅਤੇ ਅੰਤ ਵਿੱਚ ਆਪਣੀ ਉਪਯੋਗਤਾ ਨੂੰ ਸਾਬਤ ਕਰਦਾ ਹੈ। ਅੱਜ ਦੇ ਸੰਸਾਰ ਵਿੱਚ ਹਰ ਖੇਤਰ ਵਿੱਚ ਕੁਝ ਕੁਸ਼ਲ ਅਤੇ ਕੁਸ਼ਲ ਲੋਕਾਂ ਦੀ ਲੋੜ ਨਹੀਂ ਹੈ, ਸਗੋਂ ਇੱਕ ਖੇਤਰ ਵਿੱਚ ਨਿਪੁੰਨ ਲੋਕਾਂ ਦੀ ਲੋੜ ਹੈ। ਬੱਚਿਆਂ ਨੂੰ ਸਿਰਫ਼ ਅੰਕਾਂ ਨਾਲ ਨਹੀਂ ਮਾਪਿਆ ਜਾਣਾ ਚਾਹੀਦਾ। ਸਿੱਖਿਆ ਦਾ ਅਰਥ ਉਨ੍ਹਾਂ ਵਿੱਚ ਸਮਝ ਅਤੇ ਸੰਵੇਦਨਸ਼ੀਲਤਾ ਜਗਾਉਣਾ ਵੀ ਹੈ। ਬੱਚਿਆਂ ਦੀ ਤੁਲਨਾ ਇੱਕ ਦੂਜੇ ਨਾਲ ਨਹੀਂ ਕਰਨੀ ਚਾਹੀਦੀ ਸਗੋਂ ਉਨ੍ਹਾਂ ਨੂੰ ਬਿਹਤਰ ਕਰਨ ਲਈ ਉਤਸ਼ਾਹਿਤ ਕਰਨਾ ਚਾਹੀਦਾ ਹੈ। ਉਨ੍ਹਾਂ ਨੂੰ ਦਿਸ਼ਾ ਦੇਣ ਲਈ ਯਤਨ ਕੀਤੇ ਜਾਣੇ ਚਾਹੀਦੇ ਹਨ। ਮੁਸਕਰਾਹਟ ਦੀ ਕੀਮਤ ਸਮਝਣੀ ਚਾਹੀਦੀ ਹੈ, ਗਿਣਤੀ ਦੀ ਨਹੀਂ। ਬੱਚੇ ਸਾਡਾ ਭਵਿੱਖ ਹਨ, ਅਤੇ ਹਮੇਸ਼ਾ ਯਾਦ ਰੱਖੋ ਕਿ ਸਾਨੂੰ ਮਸ਼ੀਨਾਂ ਦੀ ਨਹੀਂ, ਸਗੋਂ ਸੰਵੇਦਨਸ਼ੀਲ ਅਤੇ ਬੁੱਧੀਮਾਨ ਇਨਸਾਨਾਂ ਦੀ ਲੋੜ ਹੈ।

ਵਿਜੈ ਗਰਗ ਰਿਟਾਇਰਡ ਪ੍ਰਿੰਸੀਪਲ ਐਜੂਕੇਸ਼ਨਲ ਕਾਲਮਨਵੀਸ਼ ਮਲੋਟ ਪੰਜਾਬ



Urgently Need New Listings in Brampton/Caledon

visit: www.teamjagaujla.com



Call JAG AUJLA

MCNE, REAL ESTATE BROKER

DIR: 416-371-7777

j.aujla@rogers.com www.jagaujla.com

Follow Us:

GUARANTEED

CALL JAG FOR A QUICK & FREE HOME EVALUATION

www BramptonTopRealtor.com www BramptonTopAgent.com

URGENTLY NEED NEW LISTINGS IN THIS AREA

RECENTLY LISTED/SOLD IN YOUR NEIGHBOURHOOD BY JAG AUJLA

**NEW Listing in *BRAMPTON***

James Potter/Queen/Bonnie Brae

Approx. 3000-3500 sq.ft. ਡਿਟੈਚਡ ਹਾਊਸ, 5+2 ਬੈਡਰੂਮ+Office+ 5 ਵਾਸ਼ਰੂਮ, 2 ਬੈਡਰੂਮ ਫਿਨੀਸ਼ਡ Lookout ਬੇਸਮੇਂਟ,6 ਕਾਰ ਪਾਰਕਿੰਗ। No ਕਾਰਪੇਟ। Double Door Entry, ਕੀੱਚਨ with Granite ਕਾਊਂਟਰਟੋਪ। Oak staircase, ਮਾਸਟਰ ਬੈਡਰੂਮ with 5-ਪੀਸ ਇਨਸੂਇਟ, All Bdrms connected to Wash Rms.

**NEW Listing in *BRAMPTON***

Creditview Rd & Queen St

Approx. 2000 sq.ft. ਟਾਊਨ-ਹਾਊਸ, 4 ਬੈਡਰੂਮ, 3 ਵਾਸ਼ਰੂਮ, 2 ਕਾਰ ਪਾਰਕਿੰਗ। No ਕਾਰਪੇਟ। Eat-in ਕੀੱਚਨ with Granite ਕਾਊਂਟਰਟੋਪ with S/S Appliances. ਮਾਸਟਰ ਬੈਡਰੂਮ with Walk-in ਕਲੌਜਿਟ। Spacious Living Rm & Bed Rms, Laundary on 2nd ਫਲੋਰ। Close to Hwy 407 & 401.

**FOR RENT in *BRAMPTON***

Castlemore/The Gore Rd/Cottrelle

2000 sq.ft. ਸੈਮੀ-ਡਿਟੈਚਡ ਹਾਊਸ 4 ਬੈਡਰੂਮ + 3 ਵਾਸ਼ਰੂਮ, Hardwood Floor, ਮਾਸਟਰ ਬੈਡਰੂਮ with 4-ਪੀਸ ਇਨਸੂਇਟ,Walk-in ਕਲੌਜਿਟ। Oak staircase, No ਕਾਰਪੇਟ। Eat-in ਕੀੱਚਨ with S/S appliances. 3 ਕਾਰ ਪਾਰਕਿੰਗ। Close to Asian Food Plaza, buses, hwy's & more.

**FOR RENT in *BRAMPTON***

Castlemore/Humberwest/Airport

1600sq.ft. ਸੈਮੀ-ਡਿਟੈਚਡ ਹਾਊਸ, 3 ਬੈਡਰੂਮ + 3 ਵਾਸ਼ਰੂਮ, 3 ਕਾਰ ਪਾਰਕਿੰਗ, Hardwood Floor, Oak staircase, No ਕਾਰਪੇਟ। Eat-in ਕੀੱਚਨ with S/S appliances. Laundary on 2nd ਫਲੋਰ। Close to Buses, Plaza, School & Amenties.

**NEW Listing in *MISSISSAUGA***

Hurontario St/Eglington Ave/Nahani Way

700-799 sq.ft. ਅਪਾਰਟਮੈਂਟ, 2 ਬੈਡਰੂਮ +2 ਵਾਸ਼ਰੂਮ, 9ft. ceiling, Modern ਕੀੱਚਨ, New ਲੈਮੀਨੇਟ ਫਲੋ, 1 Underground ਪਾਰਕਿੰਗ, ਸਾਰੀਆਂ ਸਹੂਲਤਾਂ ਦੇ ਕੋਲ। Close to Hwy 401 & 403. Close to Square One Mall, Hospital, Plazas, Restaurants, Public Transits, Schools & more.

**NEW Listing in *MISSISSAUGA***

Ridgeway Dr./The Collegeway

1200-1399 sq.ft. ਟਾਊਨ-ਹਾਊਸ, 2 ਬੈਡਰੂਮ + 3 ਵਾਸ਼ਰੂਮ, 1 Underground ਪਾਰਕਿੰਗ + Huge Rooftop Patio, ਮਾਸਟਰ ਬੈਡਰੂਮ with 4-ਪੀਸ ਇਨਸੂਇਟ ਅਤੇ Walk-in ਕਲੌਜਿਟ, Eat-in ਕੀੱਚਨ with Quartz ਕਾਊਂਟਰਟੋਪ। Stainless Steel Appl. Close to Major Hwy 403 , 407,401 & QEW.

**FOR RENT in *TORONTO***

Dundas St./Church St.

665sq.ft. Brand-New ਅਪਾਰਟਮੈਂਟ, 2 ਬੈਡਰੂਮ + 2 ਵਾਸ਼ਰੂਮ (Spa inspired), Modern ਕੀੱਚਨ, *Unbeatable location* Steps to Yonge-Dundas Square, Eaton Centre, and Toronto Metropolitan University, Bus stop at door step.

FREE

- Full MLS Services
- Consistently Marketing Your Property Until SOLD
- Staging Consultation
- Billboard, Flyer, Newspaper
- Online Promotion
- Professional Pictures and Virtual Tour
- Social media & Radio Advertisement
- Open House Until Sold
- Competitive Rates, Exceptional Service & Award Winning Results

RE/MAX Realty Specialists Inc. Brokerage (Independently Owned and Operated)

Off: 905-456-3232

*(Based on units sold & commissions)** *Some Conditions Apply.

*Seller* & Jag Aujla Broker of Re/max Realty Specialist Inc. must agree on the terms & conditions, closing date and listing price at the time of listing. Guaranteed Program only for Peel Region Homes Under $1 Million Price

Call JAG AUJLA DIR: 416-371-7777

MCNE, REAL ESTATE BROKER

NOT INTENDED TO SOLICIT BUYERS OR SELLER CURRENTLY UNDER CONTRACT



The Mortgage Centre

We work for you, not the lenders.




Debt Consolidation | Renovations & Repairs | Avoiding High penalities

No Credit or becon score check.
No income verification.
Interest payments only.
Pay off high interest debts.
75%-80% LTV.

Must have home equity....

if you are looking for independent mortgage or protection advice....
We're here to help.
* Competitive rates
* Flexible terms
* Fast approval process

For more information call:

Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
-4040 Steeles Avenue West Unit#5 Woodbridge, ON, L4L 4Y5

Rexdale Financial Services






FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017